ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ਨੀਵਾਰ 11 ਨਵੰਬਰ 2023 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)

R.N.I.Punpun/29016/2008 * ਸਾਲ 15 * ਅੰਕ : 243 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111




ਲੋਕ tv ਬਾਣੀ
ਪੰਜਾਬ ਦੇ ਲੋਕਾਂ ਦੀ ਆਵਾਜ਼

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ
3822 ਵੀਜ਼ਾ
1 ਜਨਵਰੀ 2023 ਤੋਂ 6 ਅਕਤੂਬਰ 2023 ਤੱਕ ਲੱਗੇ
easyvisa | CALL 87250 17772

## ਰਾਹੁਲ ਗਾਂਧੀ ਬੇਰੁਜ਼ਗਾਰੀ ਮਾਮਲੇ ਵਿੱਚ ਭਾਜਪਾ ਤੇ ਪੂਰੇ ਬਰਸੇ

ਲੋਕ ਬਾਣੀ/ ਦਿੱਲੀ,10 ਨਵੰਬਰ

ਮੱਧ ਪ੍ਰਦੇਸ਼ ਦੇ ਸਤਨਾ 'ਚ ਇਕ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਗਾਂਧੀ ਨੇ ਸੂਬੇ ਦੀ ਭਾਜਪਾ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਿਆ । ਰਾਹੁਲ ਗਾਂਧੀ ਨੇ ਕਿਹਾ ਕਿ ਜਿੱਥੇ ਵੀ ਭਾਜਪਾ ਦੀ ਸਰਕਾਰ ਹੈ, ਉੱਥੇ ਨੌਜਵਾਨ ਬੇਰੁਜ਼ਗਾਰ ਹਨ।

## ਸੁਪਰੀਮ ਕੋਰਟ ਪਰਾਲੀ ਮਾਮਲੇ ਵਿੱਚ ਹੋਈ ਸਖਤ

ਲੋਕ ਬਾਣੀ/ ਦਿੱਲੀ,10 ਨਵੰਬਰ

ਨਵੀਂ ਦਿੱਲੀ, 10 ਨਵੰਬਰ ਸੁਪਰੀਮ ਕੋਰਟ ਨੇ ਦਿੱਲੀ ਤੇ ਐੱਨਸੀਆਰ 'ਚ ਹਵਾ ਪ੍ਰਦੂਸ਼ਣ ਬਾਰੇ ਕਿਹਾ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣੀਆਂ ਪੈਣਗੀਆਂ। ਸਰਵਉੱਚ ਅਦਾਲਤ ਨੇ ਕਿਹਾ,'ਸਾਡੇ ਕੋਲ ਬਹੁਤ ਸਾਰੀਆਂ ਰਿਪੋਰਟਾਂ ਅਤੇ ਕਮੇਟੀਆਂ ਹਨ ਪਰ ਜ਼ਮੀਨੀ ਪੱਧਰ 'ਤੇ ਕੁਝ ਨਹੀਂ ਹੋ ਰਿਹਾ।



## ਪਾਕਿਸਤਾਨ ਦੀਵਾਲੀ ਮੌਕੇ 80 ਭਾਰਤੀ ਮਛੇਰੇ ਕਰਨ ਜਾ ਰਿਹਾ ਹੈ

ਲੋਕ ਬਾਣੀ/ ਅਟਾਰੀ, 11 ਨਵੰਬਰ

ਭਾਰਤ-ਪਾਕਿਸਤਾਨ ਵਿਚਕਾਰ ਆਪਸੀ ਸਦਭਾਵਨਾ ਪੈਦਾ ਕਰਨ ਲਈ ਪਾਕਿਸਤਾਨ ਸਰਕਾਰ ਵੱਲੋਂ ਦੀਵਾਲੀ ਦੇ ਮੱਦੇਨਜ਼ਰ ਕਰਾਚੀ ਦੀ ਮਲੇਰ ਲਾਂਡੀ ਜੇਲ੍ਹ ਵਿੱਚੋਂ 80 ਭਾਰਤੀ ਮਛੇਰੇ ਰਿਹਾਅ ਕੀਤੇ ਗਏ ਜੋ ਅੱਜ ਵਾਹਗਾ-ਅਟਾਰੀ ਸਰਹੱਦ ਦੇ ਰਸਤੇ ਵਤਨ ਪਰਤ ਆਏ ਹਨ। ਵਾਹਗਾ-ਅਟਾਰੀ ਸਰਹੱਦ 'ਤੇ ਭਾਰਤੀ ਮਛੇਰਿਆਂ ਨੂੰ ਪਾਕਿਸਤਾਨ ਰੇਂਜਰਾਂ ਨੇ ਸੀਮਾ ਸੁਰੱਖਿਆ ਬਲਾਂ ਦੇ ਹਵਾਲੇ ਕੀਤਾ। ਪਾਕਿਸਤਾਨ ਦੀ ਮਲੇਰ ਲਾਂਡੀ ਜੇਲ੍ਹ ਕਰਾਚੀ ਤੋਂ ਰਿਹਾਅ ਹੋ ਕੇ ਵਤਨ ਪਰਤੇ ਭਾਰਤੀ ਮਛੇਰੇ ਗੁਜਰਾਤ ਦੇ ਵੱਖ-ਵੱਖ ਸ਼ਹਿਰਾਂ ਨਾਲ ਸਬੰਧਤ ਹਨ ਜੋ ਕੈਦ ਕੱਟ ਕੇ ਆਏ ਹਨ। ਇਹ ਲੰਮਾ ਸਮਾਂ ਕਰਾਚੀ ਦੀ ਜੇਲ੍ਹ ਵਿੱਚ ਬੰਦ ਰਹੇ।

## ਐਨਆਈਏ ਵਲੋਂ ਲਾਰੈਂਸ ਮਾਮਲੇ ਵਿੱਚ ਚਾਰਜਸ਼ੀਟ ਵਿੱਚ ਨਾਮ ਦਰਜ

ਲੋਕ ਬਾਣੀ/ ਚੰਡੀਗੜ੍ਹ, ਵਿਨੋਦ ਸ਼ਰਮਾ



ਨਵੀਂ ਦਿੱਲੀ, 10 ਨਵੰਬਰ (ਏਜੰਸੀ) : ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (ਐਨਆਈਏ) ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਬੱਬਰ ਖ਼ਾਲਸਾ ਇੰਟਰਨੈਸ਼ਨਲ ਨੈੱਟਵਰਕ ਮਾਮਲੇ ਵਿਚ ਤੀਜੀ ਚਾਰਜਸ਼ੀਟ ਦਾਇਰ ਕੀਤੀ ਹੈ । ਦੂਜੀ ਸਪਲੀਮੈਂਟਰੀ ਚਾਰਜਸ਼ੀਟ ਵਿਚ ਦਹਿਸ਼ਤੀ ਗਤੀਵਿਧੀਆਂ ਵਿਚ ਮੁਲਜ਼ਮਾਂ ਦੀ ਸ਼ਮੂਲੀਅਤ ਦੇ ਅਹਿਮ ਵੇਰਵੇ ਹਨ ।

## ਈਡੀ ਦੀ ਵੱਡੀ ਕਾਰਵਾਈ ਹੀਰੋ ਮੋਟੋਕਾਰਪਾ ਤੇ ਹੋਈ

ਲੋਕ ਬਾਣੀ/ ਦਿੱਲੀ,10 ਨਵੰਬਰ



ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਕਾਲੇ ਧਨ ਨੂੰ ਸਫ਼ੈਦ ਕਰਨ ਦੇ ਮਾਮਲੇ ਵਿੱਚ ਹੀਰੋ ਮੋਟੋਕਾਰਪ ਦੇ ਕਾਰਜਕਾਰੀ ਚੇਅਰਮੈਨ ਪਵਨ ਕਾਂਤ ਮੁੰਜਾਲ ਦੀ 24.95 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਹੈ।

ਰੋਜ਼ਾਨਾ ਲੋਕ ਬਾਣੀ
ਲੁਧਿਆਣੇ ਤੋ ਦੀਵਾਲੀ ਮੋਕੇ ਵਿਸ਼ੇਸ਼ ਸਪਲੀਮੈਂਟ




ਰੋਜ਼ਾਨਾ ਲੋਕ ਬਾਣੀ ਅਖਬਾਰ ਵੱਲੋਂ ਲੁਧਿਆਣਾ ਤੋ ਦੀਵਾਲੀ ਮੋਕੇ ਵਿਸ਼ੇਸ ਸਪਲੀਮੈਂਟ ਕੱਢਿਆ ਜਾ ਰਿਹਾ ਹੈ । ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ।
ਸੁਖਚੈਨ ਮਹਿਰਾ , ਬਿਊਰੋ , ਲੁਧਿਆਣਾ
ਮੋ- 9877558100

ਰੋਜ਼ਾਨਾ ਲੋਕ ਬਾਣੀ
ਦੀਵਾਲੀ ਮੌਕੇ ਵਿਸ਼ੇਸ਼ ਸਪਲੀਮੈਂਟ




ਜ਼ਿਲਾ ਤਰਨ ਤਾਰਨ ਦੇ ਪੱਟੀ ਤੋ ਦੀਵਾਲੀ ਮੌਕੇ ਵਿਸ਼ੇਸ਼ ਸਪਲੀਮੈਂਟ ਕਢਿਆ ਜਾ ਰਿਹਾ ਹੈ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਸਾਡੇ ਤਰਨ ਤਾਰਨ ਤੋ
ਜ਼ਿਲਾ ਇੰਚਾਰਜ ਰਵੀਕਰਨ ਸਿੰਘ
7340906497

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

DIPS INSTITUTIONS
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

# ਭਗਵੰਤ ਮਾਨ ਸਰਕਾਰ ਖਿਲਾ.ਫ ਪੁਰਾਣੀ ਪੈਨਸ਼ਨ ਪ੍ਰਾਪਤੀ .ਫਰੰਟ ਨੇ ਕੀਤੀ ਜ਼ਿਲ੍ਹਾ ਪੱਧਰੀ ਰੈਲੀ

## 19 ਨਵੰਬਰ ਦੀ ਸੂਬਾਈ ਸੰਗਰੂਰ ਰੈਲੀ ਵਿੱਚ ਕੀਤੀ ਜਾਵੇਗੀ ਭਰਵੀਂ ਸ਼ਮੂਲੀਅਤ

**ਲੋਕ ਬਾਣੀ/ ਅੰਮ੍ਰਿਤਸਰ, 10 ਨਵੰਬਰ**

ਮਾਝਾ ਜੋਨ ਕਨਵੀਨਰ ਗੁਰਬਿੰਦਰ ਸਿੰਘ ਖਹਿਰਾ ਦੀ ਅਗਵਾਈ ਵਿੱਚ ਪੁਰਾਣੀ ਪੈਨਸ਼ਨ ਫਰੰਟ ਦੀ ਜ਼ਿਲਾ ਪੱਧਰੀ ਰੈਲੀ ਕੀਤੀ ਗਈ ਜਿਸ ਵਿੱਚ ਆਪ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਦੇ ਨੋਟੀਫਿਕੇਸ਼ਨ ਦੇ ਸਾਲ ਬੀਤਣ ਮਗਰੋਂ ਵੀ ਕਿਸੇ ਵੀ ਐਨ.ਪੀ.ਐੱਸ ਮੁਲਾਜ਼ਮ ਦੀ ਕਟੌਤੀ ਬੰਦ ਨਾ ਹੋਣ ਅਤੇ ਜੀ.ਪੀ.ਐੱਫ ਖਾਤੇ ਨਾ ਖੋਲਣ ਦੀ ਸਖ਼ਤ ਨਿਖੇਧੀ ਕੀਤੀ ਗਈ। ਜਿਸ ਦੇ ਰੋਸ ਵਿੱਚ ਅਤੇ ਪੁਰਾਣੀ ਪੈਨਸ਼ਨ ਨੂੰ ਹਕੀਕੀ ਰੂਪ ਵਿੱਚ ਲਾਗੂ ਕਰਵਾਉਣ ਲਈ ਫਰੰਟ ਵੱਲੋਂ 19 ਨਵੰਬਰ ਨੂੰ ਸੰਗਰੂਰ ਵਿਖੇ ਕੀਤੀ ਜਾਣ ਵਾਲੀ * ਪੈਨਸ਼ਨ ਪ੍ਰਾਪਤੀ ਰੈਲੀ * ਲਈ ਜਿਲ੍ਹੇ ਚੋਂ ਐਨ.ਪੀ.ਐੱਸ ਮੁਲਾਜ਼ਮਾਂ ਦੀ ਵੱਡੀ ਲਾਮਬੰਦੀ ਕਰਨ ਦਾ ਫੈਸਲਾ ਕੀਤਾ ਗਿਆ।



ਫਰੰਟ ਦੇ ਜਿਲ ?ਾ ਕਨਵੀਨਰ ਸੁਖਜਿੰਦਰ ਸਿੰਘ, ਅਤੇ ਨਿਰਮਲ ਸਿੰਘ, ਰਾਜੇਸ਼ ਪਰਾਸ਼ਰ ਨੇ ਕਿਹਾ ਕਿ ਜਿੱਥੇ ਹਿਮਾਚਲ ਸਰਕਾਰ ਨੇ 1 ਅਪ੍ਰੈਲ ਤੋਂ ਐਨ.ਪੀ.ਐੱਸ ਕਟੌਤੀ ਬੰਦ ਕਰਕੇ ਮੁਲਾਜ਼ਮਾਂ ਦੇ ਜੀ.ਪੀ.ਐੱਫ ਖਾਤੇ ਖੋਲ ਕੇ ਪੁਰਾਣੀ ਪੈਨਸ਼ਨ ਲਾਗੂ ਵੀ ਕਰ ਦਿੱਤੀ ਹੈ,ਉੱਥੇ ਬਦਲਾਅ ਦੇ ਦਾਅਵਿਆਂ ਵਾਲੀ ਆਪ ਸਰਕਾਰ ਪਿਛਲੇ ਇੱਕ ਸਾਲ ਤੋਂ ਪੈਨਸ਼ਨ ਦਾ ਵਿਧੀ ਵਿਧਾਨ ਵੀ ਨਹੀ ਬਣਾ ਸਕੀ।

ਉਹਨਾਂ ਹੈਰਾਨੀ ਪ੍ਰਗਟਾਈ ਕਿ ਜੂਨ ਮਹੀਨੇ ਵਿੱਚ ਪੰਜਾਬ ਸਰਕਾਰ ਵੱਲੋਂ ਹਿਮਾਚਲ,ਛਤੀਸਗੜ,ਰਾਜਸਥਾਨ ਆਦਿ ਵਿੱਚ ਲਾਗੂ ਹੋਈ ਪੁਰਾਣੀ ਪੈਨਸ਼ਨ ਦੇ ਮਾਡਲ ਨੂੰ ਘੋਖਣ ਲਈ ਭੇਜੀਆਂ ਅਫਸਰਾਂ ਦੀ ਟੀਮਾਂ ਦੀ ਹੁਣ ਤੱਕ ਕੋਈ ਕਾਰਗੁਜ਼ਾਰੀ ਜਾਂ ਰਿਪੋਰਟ ਸਾਹਮਣੇ ਨਹੀਂ ਆਈ।ਇਸੇ ਤਰਾਂ ਜਨਵਰੀ ਮਹੀਨੇ ਪੁਰਾਣੀ ਪੈਨਸ਼ਨ ਦਾ ਖਰੜਾ ਤਿਆਰ ਕਰਨ ਲਈ ਮੁੱਖ ਸਕੱਤਰ ਦੀ ਅਗਵਾਈ ਵਿੱਚ ਬਣਾਈ ਅਫਸਰਾਂ ਦੀ ਕਮੇਟੀ ਅਤੇ ਮੰਤਰੀਆਂ ਦੀ ਕੈਬਨਿਟ ਸਬ ਕਮੇਟੀ ਵੀ ਲਾਪਤਾ ਹੈ।ਵਿੱਤ ਮੰਤਰੀ ਪੁਰਾਣੀ ਪੈਨਸ਼ਨ ਲਾਗੂ ਕਰਾਂਗੇ ਦੇ ਰਟਣ ਮੰਤਰ ਬਿਆਨਾਂ ਨਾਲ਼ ਕੇਵਲ ਸਮਾਂ ਲੰਘਾ ਰਹੇ ਹਨ।

ਇਸ ਲਾਮਬੰਦੀ ਮੁਹਿੰਮ ਤਹਿਤ ਰੋਸ ਮੁਜ਼ਾਹਰਾ ਕਰਕੇ 19 ਨਵਬੰਰ ਨੂੰ ਸੰਗਰੂਰ ਵਿਖੇ ਸੂਬਾ ਪਧਰੀ ਰੈਲੀ ਵਿਚ ਵਡੀ ਗਿਣਤੀ ਵਿੱਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਡੀ ਟੀ ਐਫ ਦੇ ਪ ?ਧਾਨ ਅਸ਼ਵਨੀ ਅਵਸਥੀ, ਪਪਪਫ ਦੇ ਸੂਬਾ ਸਲਾਹਕਾਰ ਡੀ ਐਮ ਐਫ ਦੇ ਸੂਬਾ ਪ ?ਧਾਨ ਜਰਮਨਜੀਤ ਸਿੰਘ, ਅਤੇ ਮਨਪ੍ਰੀ ਸਿੰਘ, ਮੈਡਮ ਕੰਵਲਜੀਤ ਕੌਰ, ਗੁਰਪ੍ਰੀ ਸਿੰਘ, ਅਮਰਦੀਪ ਸਿੰਘ, ਰਛਪਾਲ ਸਿੰਘ, ਵਿਪਨ ਰਿਖੀ, ਸ਼ਮਸ਼ੇਰ ਸਿੰਘ , ਮੁਨੀਸ਼ ਪੀਟਰ , ਬਲਜਿੰਦਰ ਸਿੰਘ ਨਹਿਰੀ ਵਿਭਾਗ, ਮਨੀਸ਼ ਪੀਟਰ ,ਬਲਦੇਵ ਮੰਨਣ, ਵਿਕਾਸ ਕੁਮਾਰ ,ਅਮਰਪ੍ਰੀਤ ਸਿੰਘ, ਪਵਨਪ੍ਰੀਤ ਸਿੰਘ, ਰਣਜੀਤ ਸਿੰਘ, ਜਸਪ੍ਰੀਤ ਸਿੰਘ ,ਨਰੇਸ਼ ਕੁਮਾਰ, ਗੁਰਪ੍ਰੀਤ ਨਾਭਾ, ਗੁਰਦੇਵ ਸਿੰਘ, ਸੁਖਰਾਜ ਸਿੰਘ ਸਰਕਾਰੀਆ , ਅਮਰਦੀਪ ਸਿੰਘ ,ਅਮਰਜੀਤ ਸਿੰਘ ਭੱਲਾ, ਸੁਖਰਾਜ ਸਿੰਘ ,ਮੈਡਮ ਕਵਲਜੀਤ ,ਮੈਡਮ ਅਰਚਨਾ, ਮੈਡਮ ਯਾਦਵਿੰਦਰ ਕੌਰ ,ਗੁਰਕਬਾਲ ਸਿੰਘ, ਕੁਲਦੀਪ ਤੋਲਾ ਨੰਗਲ ,ਹਰਜਾਪ ਸਿੰਘ ਬੱਲ ,ਸੰਦੀਪ ਕੁਮਾਰ , ਮਨਦੀਪ ਸਿੰਘ ਅਦਲੀਵਾਲ, ਮੈਡਮ ਜਸਬੀਰ ਕੌਰ ਮੈਡਮ ਕਮਲੇਸ਼ ਮੈਡਮ ਹਰਪ੍ਰੀਤ ਕੌਰ, ਗੁਰਪ੍ਰਤਾਪ ਸਿੰਘ, ਵਿਸ਼ਾਲ ਕੁਮਾਰ, ਵਿਕਾਸ ਕੁਮਾਰ ,ਰਜਿੰਦਰ ਪਾਲ ਸਿੰਘ, ਸੁਮਿਤ ਕੁਮਾਰ ਆਦਿ ਸ਼ਾਮਿਲ ਹੋਏ।

# ਸ਼੍ਰੀ ਕਰਤਾਰਪੁਰ ਸਾਹਿਬ ਲਾਂਘੇ ਨੂੰ ਲੈ ਕੇ ਚੰਗੀ ਖ਼ਬਰ ! ਟਰਮੀਨਲ ਦਰਸ਼ਨਾਂ ਲਈ ਖੋਲ੍ਹਿਆ, ਹੁਣ .ਫੀਸ ਸਿਰ.ਫ 50 ਰੁਪਏ

**ਲੋਕ ਬਾਣੀ/ ਗੁਰਦਾਸਪੁਰ, 11 ਨਵੰਬਰ**

ਸ਼੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਟਰਮੀਨਲ ਦੇ ਚਾਰ ਸਾਲ ਪੂਰੇ ਹੋਣ ਅਤੇ ਪੰਜਵੇਂ ਸਥਾਪਨਾ ਦਿਵਸ ਮੌਕੇ ਲੈਂਡਪੋਰਟ ਅਥਾਰਟੀ ਆਫ਼ ਇੰਡੀਆ ਦੇ ਅਧਿਕਾਰੀਆਂ ਵਲੋਂ ਸ਼੍ਰੀ ਕਰਤਾਰਪੁਰ ਸਾਹਿਬ ਟਰਮੀਨਲ ਦੇ ਦਰਸ਼ਨਾਂ ਲਈ ਖੋਲ੍ਹ ਦਿੱਤਾ ਗਿਆ ਹੈ, ਜਿਸ ਦੀ .ਫੀਸ ਅਥਾਰਟੀ ਦੇ ਵਲੋਂ 50 ਰੁਪਏ ਰੱਖੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਹੋਇਆ ਲੈਂਡਪੋਰਟ ਅਥਾਰਟੀ ਆਫ਼ ਇੰਡੀਆ ਦੇ ਜਨਰਲ ਮੈਨੇਜਰ ਟਿੱਕਾ ਰਾਮ ਹੁਰਾਂ ਨੇ ਦੱਸਿਆ ਕਿ, ਸ਼੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਖੋਲ੍ਹੇ ਨੂੰ ਅੱਜ 4 ਵਰ੍ਹੇ ਪੂਰੇ ਹੋ ਗਏ ਹਨ ਅਤੇ ਪੰਜਵਾਂ ਵਰ੍ਹਾ ਸ਼ੁਰੂ ਹੋ ਚੁੱਕਿਆ ਹੈ।



ਇਸ ਮੌਕੇ, ਉਨ੍ਹਾਂ ਦੇ ਵਲੋਂ .ਫੈਸਲਾ ਕੀਤਾ ਗਿਆ ਹੈ ਕਿ, ਸ਼੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਜਿਹੜੇ ਲੋਕ ਨਹੀਂ ਵੀ ਕਰਨਾ ਚਾਹੁੰਦੇ ਜਾਂ ਫਿਰ ਉਹ ਭਾਰਤ ਵਾਲੇ ਪਾਸੇ ਰਹਿ ਕੇ ਹੀ ਸ਼੍ਰੀ ਕਰਤਾਰਪੁਰ ਸਾਹਿਬ ਟਰਮੀਨਲ ਦੇ ਦਰਸ਼ਨ ਕਰਨਾ ਚਾਹੁੰਦੇ ਹਨ, ਉਹ 50 ਰੁਪਏ ਮਾਮੂਲੀ .ਫੀਸ ਦੇ ਕੇ ਸ਼੍ਰੀ ਕਰਤਾਰਪੁਰ ਸਾਹਿਬ ਟਰਮੀਨਲ ਦੇ ਦਰਸ਼ਨ ਕਰ ਸਕਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ, ਪਹਿਲਾਂ ਇਸ ਟਰਮੀਨਲ ਦੇ ਦਰਸ਼ਨ ਕਰਨ ਦੀ ਆਗਿਆ, ਸਿਰ.ਫ ਉਨ੍ਹਾਂ ਲੋਕਾਂ ਨੂੰ ਹੀ ਜਿਨ੍ਹਾਂ ਕੋਲ ਸ਼੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਵੀਜ਼ਾ ਹੁੰਦਾ ਸੀ, ਪਰ ਹੁਣ ਇਹ ਟਰਮੀਨਲ ਸਾਰਿਆਂ ਲਈ ਖੋਲ੍ਹਿਆ ਗਿਆ ਹੈ। ਟਿੱਕਾ ਰਾਮ ਨੇ ਦੱਸਿਆ ਕਿ, 11 ਨਵੰਬਰ ਤੋਂ ਆਮ ਸੰਗਤ ਵੀ 50 ਰੁਪਏ .ਫੀਸ ਭਰਕੇ ਸ਼੍ਰੀ ਕਰਤਾਰਪੁਰ ਸਾਹਿਬ ਟਰਮੀਨਲ ਦੇ ਦਰਸ਼ਨ ਕਰ ਸਕੇਗੀ।

ਦੱਸ ਦਈਏ ਕਿ, ਸ਼੍ਰੀ ਕਰਤਾਰਪੁਰ ਸਾਹਿਬ ਲਾਂਘੇ ਦੇ ਚਾਰ ਸਾਲ ਪੂਰੇ ਹੋਣ ਅਤੇ ਪੰਜਵੇ ਸਥਾਪਨਾ ਦਿਵਸ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਲੈਂਡਪੋਰਟ ਅਥਾਰਟੀ ਦੇ ਅਧਿਕਾਰੀਆਂ,ਬੀਐਸਐਫ ਦੇ ਪੁਰਸ ਅਤੇ ਮਹਿਲਾ ਜਵਾਨਾਂ,ਸਕੂਲੀ ਵਿਦਿਆਰਥੀਆਂ ਅਤੇ ਨੇੜਲੇ ਪਿੰਡਾਂ ਤੋਂ ਆਈਆਂ ਹੋਈਆਂ ਸੰਗਤਾਂ ਨੇ ਹਿੱਸਾ ਲਿਆ।

# ਨ.ਫਰਤ ਭਰੇ ਭਾਸ਼ਣ ਦੇਣ ਅਤੇ ਹਥਿਆਰਾਂ ਦੀ ਪ੍ਰਦਰਸ਼ਨੀ ’ਤੇ ਪੂਰਨ ਪਾਬੰਦੀ

**ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)**

ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ/ਸਮਾਜਿਕ ਜਾਂ ਧਾਰਮਿਕ ਜਥੇਬੰਦੀ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਕਿਸੇ ਵੀ ਭਾਈਚਾਰੇ ਵਿਰੁੱਧ ਨ.ਫਰਤ ਭਰਿਆ ਭਾਸ਼ਣ ਨਾ ਦੇਵੇ ਜਾਂ ਸੂਗ ਬੋਲੀ ਦੀ ਵਰਤੋਂ ਨਾ ਕਰੇ। ਅਜਿਹਾ ਕਰਨ ਦੀ ਸੂਰਤ ਵਿਚ ਸਬੰਧਤ/ਉਲੰਘਣਾ ਕਰਨ ਵਾਲੇ ਵਿਅਕਤੀ ਖਿਲਾ.ਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਜ਼ਿਲ੍ਹਾ ਮੈਜਿਸਟਰੇਟ ਨੇ ਇਕ ਹੋਰ ਹੁਕਮ ਰਾਹੀਂ ਆਦੇਸ਼ ਜਾਰੀ ਕੀਤੇ ਹਨ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਕੋਈ ਵੀ ਵਿਅਕਤੀ ਜਨਤਕ ਇਕੱਠ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿਚ ਹਥਿਆਰ ਲੈ ਕੇ ਨਹੀਂ ਚੱਲੇਗਾ ਅਤੇ ਹਥਿਆਰਾਂ ਦੀ ਜਨਤਕ/ਸੋਸ਼ਲ ਮੀਡਆ ਰਾਹੀਂ ਪ੍ਰਦਰਸ਼ਨੀ ’ਤੇ ਪੂਰਨ ਪਾਬੰਦੀ ਹਵੇਗੀ ਅਤੇ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ ’ਤੇ ਵੀ ਪੂਰਨ ਪਾਬੰਦੀ ਹੋਵੇਗੀ। ਅਜਿਹਾ ਕਰਨ ਦੀ ਸੂਰਤ ਵਿਚ ਸਬੰਧਤ/ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾ.ਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਹ ਹੁਕਮ 8 ਜਨਵਰੀ 2024 ਤੱਕ ਲਾਗੂ ਰਹਿਣਗੇ।

# ਹੁਸ਼ਿਆਰਪੁਰ ਜ਼ਿਲ੍ਹੇ ਵਿਚ ਝੋਨੇ ਦੀ ਖ਼ਰੀਦ ਦਾ ਅੰਕੜਾ 4 ਲੱਖ ਮੀਟ੍ਰਿਕ ਟਨ ਤੋਂ ਹੋਇਆ ਪਾਰ : ਕੋਮਲ ਮਿੱਤਲ

ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)



ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਖਰੀਦ ਕੇਂਦਰਾਂ ਵਿਚ ਝੋਨੇ ਦੀ ਖ਼ਰੀਦ ਦਾ ਅੰਕੜਾ 4 ਲੱਖ ਮੀਟ੍ਰਿਕ ਟਨ ਤੋਂ ਪਾਰ ਹੋ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿਚ 403910 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿਚੋਂ ਸਾਰੇ 403910 ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਖ਼ਰੀਦੇ ਗਏ ਝੋਨੇ ਵਿਚੋਂ ਪਨਗਰੇਨ ਵੱਲੋਂ 158518 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 103937 ਮੀਟ੍ਰਿਕ ਟਨ, ਪਨਸਪ ਵੱਲੋਂ 72493 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸ ਕਾਰਪੋਰੇਸ਼ਨ ਵੱਲੋਂ 54326 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 11627 ਮੀਟ੍ਰਿਕ ਟਨ ਅਤੇ ਵਪਾਰੀਆਂ ਵੱਲੋਂ 3009 ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕਿਸਾਨਾਂ ਨੂੰ 860.38 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਬਗੈਰ ਸੁਪਰ ਸਟਰਾਅ ਮੈਨੇਜਮੈਂਟ ਸਿਸਟਮ ਵਾਲੀਆਂ ਕੰਬਾਇਨਾਂ ਨਾਲ ਕਟਾਈ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਫ਼ਸਲ ਦੀ ਕਟਾਈ ਤੋਂ ਬਾਅਦ ਪਰਾਲੀ ਅਤੇ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਇਸ ਦਾ ਯੋਗ ਪ੍ਰਬੰਧਨ ਕੀਤਾ ਜਾਵੇ।

# ਪੰਜਾਬ ਦੇ ਇਨ੍ਹਾਂ ਮੁਲਾਜ਼ਮਾਂ ਦੀ ਦੀਵਾਲੀ ਫਿੱਕੀ ! ਸਾਂਝੇ ਫਰੰਟ ਦੇ ਸੱਦੇ 'ਤੇ ਮੁਲਾਜ਼ਮਾਂ ਨੇ ਸਾੜੀ Mann ਸਰਕਾਰ ਦੀ ਅਰਥੀ

ਲੋਕ ਬਾਣੀ/ ਲਹਿਰਾਗਾਗਾ, 10 ਨਵੰਬਰ



ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਦੇ ਸਾਂਝੇ ਫਰੰਟ ਦੇ ਸੱਦੇ ਉੱਤੇ ਪੰਜਾਬ ਸਰਕਾਰ ਦੀਆਂ ਵਾਅਦਾ ਖਿਲਾਫੀਆਂ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਦੇ ਵਿਰੁੱਧ ਬੱਸ ਸਟੈਂਡ ਲਹਿਰਾਗਾਗਾ ਵਿਖੇ ਮੁਲਾਜ਼ਮਾਂ ਨੇ ਅਰਥੀ ਫੂਕ ਮੁਜ਼ਾਹਰਾ ਕਰਕੇ ਪੰਜਾਬ ਸਰਕਾਰ ਦੀ ਅਰਥੀ ਸਾੜੀ ਗਈ। ਇਹ ਮੁਜ਼ਾਹਰਾ ਸਰਕਾਰੀ ਹਸਪਤਾਲ ਸਥਿੱਤ ਜਲ ਸਪਲਾਈ ਵਿਭਾਗ ਦੇ ਦਫ਼ਤਰ ਤੋਂ ਸ਼ੁਰੂ ਹੋਇਆ।

ਮੁਜ਼ਾਹਰੇ ਤੋਂ ਪਹਿਲਾਂ ਕੀਤੀ ਗਈ ਰੈਲੀ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਲਗਾਤਾਰ ਲਾਰੇ-ਲੱਪੇ ਲਾ ਕੇ ਡੰਗ ਟਪਾ ਰਹੀ ਹੈ ਜਿਸਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਕੱਚੇ ਮੁਲਾਜ਼ਮਾਂ, ਮਾਣਭੱਤਾ ਕਰਮੀਆਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦੇ ਪੰਜਾਬ ਸਰਕਾਰ ਨੂੰ ਦਿੱਤੇ ਮੰਗ-ਪੱਤਰਾਂ ਦੀ ਇੱਕ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ ਜਿਸ ਸਦਕਾ ਇਨ੍ਹਾਂ ਸਭਨਾਂ ਦੀ ਦੀਵਾਲੀ ਫਿੱਕੀ ਹੀ ਰਹਿਣ ਦੇ ਆਸਾਰ ਹਨ।

ਮੁਲਾਜ਼ਮ ਆਗੂ ਛੱਜੂ ਰਾਮ ਮਨਿਆਣਾ ਤੇ ਅਮਰੀਕ ਗੁਰਨੇ ਨੇ ਕਿਹਾ ਕਿ ਵੋਟਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਮੁੱਖੀ ਕੇਜਰੀਵਾਲ ਤੇ ਭਗਵੰਤ ਮਾਨ ਦਾਅਵੇ ਕਰਦੇ ਸਨ ਕਿ ਸਾਡੀ ਸਰਕਾਰ ਬਣਨ 'ਤੇ ਕਿਸੇ ਵੀ ਵਰਗ ਨੂੰ ਰੈਲੀ-ਮੁਜ਼ਾਹਰਾ ਕਰਨ ਦੀ ਲੋੜ ਹੀ ਨਹੀਂ ਪਵੇਗੀ।

ਪਰ ਹੁਣ ਉਨ੍ਹਾਂ ਕੋਲ ਰੈਲੀ-ਮੁਜ਼ਾਹਰੇ ਕਰਨ ਵਾਲੇ ਦੁਖੀ ਲੋਕਾਂ ਦੀ ਗੱਲ ਸੁਣਨ ਦਾ ਵੀ ਸਮਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਖਿਲਾਫ਼ ਹਰ ਵਰਗ ਦੇ ਲੋਕ ਤੌਬਾ-ਤੌਬਾ ਕਰਦੇ ਕਹਿ ਰਹੇ ਹਨ ਕਿ ਇਨ੍ਹਾਂ ਨੇ ਤਾਂ ਪਹਿਲਾਂ ਦੀਆਂ ਸਰਕਾਰਾਂ ਨੂੰ ਵੀ ਪਿੱਛੇ ਛੱਡ ਦਿੱਤਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਲਾਜ਼ਮ ਆਗੂ ਦਰਸ਼ਨ ਸ਼ਰਮਾ ਲਹਿਰਾ, ਮੇਜਰ ਭੁਟਾਲ, ਪ੍ਰਗਟ ਸਿੰਘ ਰਾਮਗੜ੍ਹ, ਮਾਸਟਰ ਬਲਦੀਪ ਸਿੰਘ, ਜਸਵਿੰਦਰ ਗਾਗਾ, ਸੁਖਦੇਵ ਸਿੰਘ ਚੰਗਾਲੀਵਾਲਾ, ਗਾਰਡ ਗੁਰਪ੍ਰੀਤ ਕੌਰ, ਬਲਵਿੰਦਰ ਕੌਰ ਕਾਲਵੰਜਾਰਾ, ਸਤਿਨਾਮ ਸੰਗਤੀਵਾਲਾ, ਸੁਖਵੰਤ ਆਲਮਪੁਰ, ਸੋਨੂ ਲਹਿਰਾ ਬਾਵਾ ਗਾਗਾ, ਸਤਿਗੁਰ ਕੋਟੜਾ, ਮੇਜਰ ਲਹਿਰਾ, ਦਲਵੀਰ ਅਨਦਾਨਾ, ਸੁਖਵਿੰਦਰ ਮੰਗੂ, ਰਵੀ ਦਾਸ, ਕਾਕਾ ਮੂਨਕ ਆਦਿ ਆਗੂਆਂ ਨੇ ਸਾਰੇ ਮੁਲਾਜ਼ਮਾਂ, ਪੈਨਸ਼ਨਰਾਂ ਨੂੰ ਅਪੀਲ ਕੀਤੀ ਸਾਂਝੇ ਸੰਘਰਸ਼ ਵਿੱਚ ਵਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।

# ਕਿਰਤੀ ਕਿਸਾਨ ਯੂਨੀਅਨ ਨੇ ਜਿਣਸ ਵੱਧ ਤੋਲਦੇ ਆੜ੍ਹਤੀਏ ਨੂੰ ਫੜਿਆ; ਲਾਇਸੈਂਸ ਰੱਦ ਕਰਨ ਦੀ ਕੀਤੀ ਮੰਗ

ਲੋਕ ਬਾਣੀ/ ਲੌਂਗੋਵਾਲ, 10 ਨਵੰਬਰ



ਸਥਾਨਕ ਦਾਣਾ ਮੰਡੀ ਲੌਂਗੋਵਾਲ ਵਿੱਚ ਕਿਸਾਨਾਂ ਦੀ ਜਿਣਸ ਵੱਧ ਤੋਲਦੇ ਆੜਤੀਏ ਨੂੰ ਕਿਰਤੀ ਕਿਸਾਨ ਯੂਨੀਅਨ ਵੱਲੋਂ ਜੁਰਮਾਨਾ ਕਰਵਾਇਆ ਗਿਆ ਅਤੇ ਉਸਦਾ ਲਾਇਸੈਂਸ ਰੱਦ ਕਰਨ ਦੀ ਮੰਗ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ, ਇਕਾਈ ਦੇ ਆਗੂ ਭੋਲਾ ਸਿੰਘ ਪਨਾਂਚ ਨੇ ਦੱਸਿਆ ਕਿ ਕਿਸਾਨ ਗੁਰਜੀਤ ਸਿੰਘ ਉਰਫ ਕਾਲਾ ਨੇ 1 ਆੜਤ 'ਤੇ ਆਪਣੀ ਫਸਲ ਵੇਚਣ ਲਈ ਲਿਆਂਦੀ ਸੀ। ਬੋਲੀ ਲੱਗਣ ਤੋਂ ਬਾਅਦ ਉਕਤ ਜਿਣਸ ਦੀ ਜਦੋਂ ਤੁਲਾਈ ਹੋ ਰਹੀ ਸੀ ਤਾਂ ਕਥਿਤ ਤੌਰ 'ਤੇ ਪਹਿਲਾਂ ਆੜਤੀਏ ਵੱਲੋਂ ਬੋਰੀ ਦਾ ਵਜਨ 600 ਦੀ ਬਜਾਏ 700 ਗਰਾਮ ਤੇ ਬੰਨਿਆ ਗਿਆ।

ਫਿਰ ਤੋਲ ਵਿੱਚ ਵੀ ਗੜਬੜ ਕੀਤੀ ਗਈ, ਇਸ ਠੱਗੀ ਦੇ ਮਾਮਲੇ ਨੂੰ ਪੀੜਤ ਕਿਸਾਨ ਨੇ ਯੂਨੀਅਨ ਦੇ ਧਿਆਨ ਵਿੱਚ ਲਿਆਂਦਾ ਤਾਂ ਯੂਨੀਅਨ ਵੱਲੋਂ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੂੰ ਮੌਕੇ ਤੇ ਬੁਲਾਇਆ ਗਿਆ, ਜਿਨ੍ਹਾਂ ਨੇ ਤੋਲ ਚੈੱਕ ਕਰਕੇ ਐਵਰੇਜ 300 ਗਰਾਮ ਪ੍ਰਤੀ ਗੱਟਾ ਵੱਧ ਤੋਲਿਆ ਪਾਇਆ ਗਿਆ।

ਜਿਸਦਾ ਕਿ ਸੈਕਟਰੀ ਮਾਰਕੀਟ ਕਮੇਟੀ ਚੀਮਾਂ ਵੱਲੋਂ ਉਕਤ ਟਰੇਡਿੰਗ ਕੰਪਨੀ ਨੂੰ 2000 ਅਤੇ ਤੋਲੇ ਨੂੰ 1000 ਜੁਰਮਾਨਾ ਕੀਤਾ ਗਿਆ। ਮੌਕੇ ਤੇ ਕਿਸਾਨ ਦਾ ਇੱਕ ਕੁਇੰਟਲ 93 ਕਿਲੋ 500 ਗ੍ਰਾਮ ਦਾ 'ਜੇ ਫਾਰਮ' ਕੱਟ ਕੇ ਕਿਸਾਨ ਨੂੰ ਦਿੱਤਾ ਗਿਆ।

ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਨੇ ਮੰਗ ਕੀਤੀ ਕਿ ਉਕਤ ਆੜਤੀਏ ਵੱਲੋਂ ਪਹਿਲਾਂ ਵੀ ਕਿਸਾਨਾਂ ਦੀ ਫਸਲ ਵੱਧ ਤੋਲੀ ਗਈ ਸੀ, ਪਿੰਡ ਵਿੱਚ ਚਰਚਾ ਹੈ ਕਿ ਇਸ ਤਰ੍ਹਾਂ ਕਿਸਾਨਾਂ ਨੂੰ ਚੂਨਾ ਲਾ ਕੇ ਕਰੋੜਾਂ ਦੀ ਜਾਇਦਾਦ ਬਣਾਈ ਗਈ ਹੈ ਪੰਜਾਬ ਸਰਕਾਰ ਵਿਜੀਲੈਂਸ ਤੋਂ ਇਸਦੀ ਜਮੀਨ ਜਾਇਦਾਦ ਦੀ ਵੀ ਪੜਤਾਲ ਕਰਵਾਵੇ ਅਤੇ ਇਸ ਦਾ ਲਾਈਸੈਂਸ ਵੀ ਫੌਰੀ ਕੈਂਸਲ ਕੀਤਾ ਜਾਵੇ।

ਆਗੂਆਂ ਨੇ ਕਿਹਾ ਕਿ ਜੇਕਰ ਲਾਇਸੰਸ ਰੱਦ ਨਹੀਂ ਕੀਤਾ ਜਾਂਦਾ ਤਾਂ ਇਸ ਵਿੱਚ ਪੰਜਾਬ ਸਰਕਾਰ ਅਤੇ ਮੰਡੀ ਬੋਰਡ ਦੇ ਅਧਿਕਾਰੀਆਂ ਦੀ ਮਿਲੀ ਭੁਗਤ ਹੋਵੇਗੀ। ਇਸ ਦੇ ਖਿਲਾਫ ਜਥੇਬੰਦੀ ਵੱਲੋਂ ਕਿਸਾਨਾਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਮੰਡੀਆਂ ਵਿੱਚ ਸ਼ਰੇਆਮ ਕੰਡੇ ਨਿਰਧਾਰਤ ਤੋਂ ਵੱਧ ਤੋਲ ਤੇ ਚੱਲ ਰਹੇ ਹਨ ਅਤੇ ਕਿਸਾਨਾਂ ਦੀ ਲੁੱਟ ਹੋ ਰਹੀ ਹੈ ਸਰਕਾਰ ਅਤੇ ਅਧਿਕਾਰੀ ਇਸ ਪਾਸੇ ਅੱਖਾਂ ਬੰਦ ਕਰੀ ਬੈਠੇ ਹਨ ਸਿਰਫ ਕਿਸਾਨਾਂ ਵੱਲੋਂ ਕੀਤੇ ਪਰਾਲੀ ਦੇ ਧੂੰਏਂ ਨੂੰ ਹੀ ਮੁੱਦਾ ਬਣਾਇਆ ਗਿਆ ਹੈ। ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਕਰਦੀ ਹੈ। ਇਸ ਮੌਕੇ ਇਕਾਈ ਦੇ ਮੀਤ ਪ੍ਰਧਾਨ ਕਰਮ ਸਿੰਘ ਜੈਦ, ਖਜਾਨਚੀ ਰਾਜਾ ਸਿੰਘ, ਗੁਰਮੇਲ ਸਿੰਘ, ਗੁਰਜੰਟ ਸਿੰਘ,ਦਰਸ਼ਨ ਸਿੰਘ, ਭਗਵੰਤ ਸਿੰਘ ਸਮੇਤ ਵੱਡੀ ਗਿਣਤੀ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।

# ਪਿੰਡ ਰੂੜੀ ਵਾਲਾ ਵਿਖੇ ਸੰਤ ਬਾਬਾ ਸੁੱਖਾ ਸਿੰਘ ਜੀ ਨੂੰ ਵਿਸ਼ੇਸ਼ ਸਨਮਾਨਿਤ ਕੀਤਾ ਗਿਆ

**ਲੋਕ ਬਾਣੀ/ ਚੋਹਲਾ ਸਾਹਿਬ, 10 ਨਵੰਬਰ (ਭਗਤ ਸਿੰਘ ਸੰਧੂ)**



ਅੱਜ ਪਿੰਡ ਰੂੜੀ ਵਾਲਾ ਵਿਖੇ ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਵਾਲਿਆਂ ਦੇ ਤੀਸਰੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਅਤੇ ਸੰਤ ਬਾਬਾ ਹਾਕਮ ਸਿੰਘ ਜੀ ਵੱਲੋਂ ਬੰਨ ਬੰਨਣ ਦੀਆਂ ਸੇਵਾਵਾਂ ਨੂੰ ਦੇਖ ਹੋਏ ਸੰਤ ਬਾਬਾ ਸੁੱਖਾ ਸਿੰਘ ਜੀ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਸ. ਅਰਜਨ ਸਿੰਘ (ਸੋਸ਼ਲ ਵਰਕਰ ਸਰਹਾਲੀ), ਜਥੇਦਾਰ ਪ੍ਰਿਤਪਾਲ ਸਿੰਘ, ਜਥੇਦਾਰ ਬਿਕਰਮਜੀਤ ਸਿੰਘ, ਜਥੇਦਾਰ ਜਰਨੈਲ ਸਿੰਘ, ਪ੍ਰਭਜੋਤ ਸਿੰਘ, ਗੁਰਪ੍ਰੀਤ ਸਿੰਘ, ਦਰਸ਼ਨ ਸਿੰਘ, ਗੁਰਨਿਸ਼ਾਨ ਸਿੰਘ, ਕੁਲਦੀਪ ਸਿੰਘ, ਜੋਗਿੰਦਰ ਸਿੰਘ ਸਾਬਕਾ ਸਰਪੰਚ, ਕਵਲਜੀਤ ਸਿੰਘ, ਹਰਭਜਨ ਸਿੰਘ, ਸੁਖਮਨਪ੍ਰੀਤ ਸਿੰਘ, ਰਣਜੀਤ ਸਿੰਘ, ਬਲਵਿੰਦਰ ਸਿੰਘ, ਗੁਰਮੇਜ ਸਿੰਘ ਅਤੇ ਹੋਰ ਕਈ ਪਤਵੰਤੇ ਸੰਗਤ ਵਿਚ ਹਾਜ਼ਰ ਸਨ। ਇਸ ਸਮੇਂ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਕਿਹਾ, ÷ ਮਨੁੱਖ ਦੇ ਜੀਵਨ ਵਿੱਚ ਦੁੱਖ-ਸੁੱਖ ਵਾਰੀ-ਵਾਰੀ ਆਉਂਦੇ-ਜਾਂਦੇ ਰਹਿੰਦੇ ਹਨ। ਦੁੱਖਾਂ ਤੋਂ ਮਨਮੁਖ ਲੋਕ ਘਬਰਾ ਜਾਂਦੇ ਹਨ ਅਤੇ ਗੁਰਮੁਖ ਚੜ੍ਹਦੀ ਕਲਾ ਨਾਲ ਮੁਕਾਬਲਾ ਕਰਦੇ ਹਨ। ਆਪ ਸਭ ਸੰਗਤਾਂ ਨੇ ਬੰਨ੍ਹਾਂ ਦੀਆਂ ਸੇਵਾਵਾਂ ਵਿੱਚ ਬਹੁਤ ਚੜ੍ਹਦੀ ਕਲਾ ਦਾ ਸਬੂਤ ਦਿੱਤਾ ਹੈ। ਇਸ ਦੁੱਖ ਅਤੇ ਬਿਪਤਾ ਦੀ ਘੜੀ ਵਿੱਚ ਬੜੇ ਹੌਸਲੇ, ਪ੍ਰੇਮ ਤੇ ਸ਼ਰਧਾ ਦੇ ਨਾਲ ਸੇਵਾ ਕੀਤੀ ਹੈ। ਅਸੀਂ ਅਰਦਾਸ ਕਰਦੇ ਹਾਂ ਕਿ ਆਪ ਸਭ ਚੜ੍ਹਦੀ ਕਲਾ ਵਿੱਚ ਰਹੋ। ਵਾਹਿਗੁਰੂ ਜੀ ਆਪ ਸਭ ਦੇ ਦੁੱਖ-ਕਲੇਸ਼ਾਂ ਦਾ ਨਾਸ ਕਰਨ ਅਤੇ ਸੇਵਾ-ਸਿਮਰਨ ਦੀ ਦਾਤ ਬਖਸ਼ਣ। ਇਸ ਮੌਕੇ ਬੋਲਦਿਆਂ ਇਕ ਪਤਵੰਤੇ ਨੇ ਆਖਿਆ, ÷ ਜਦੋਂ ਪਿੰਡ ਘੜੁੰਮ ( ਨੇੜੇ ਹਰੀਕੇ ਪੱਤਣ) ਵਾਲਾ ਬੰਨ੍ਹ ਟੁੱਟਿਆ ਹੋਇਆ ਸੀ, ਸਾਡੇ ਪਿੰਡ ਦੀ ਸੰਗਤ ਨੂੰ ਵੀ ਸੇਵਾ ਕਰਨ ਦਾ ਸਮਾਂ ਪ੍ਰਾਪਤ ਹੋਇਆ ਸੀ। ਕੁਝ ਸੰਗਤ ਦਿਨੇ ਸੇਵਾ ਕਰਨ ਜਾਂਦੀ ਸੀ ਅਤੇ ਕੁਝ ਰਾਤ ਵੇਲੇ। ਸਾਡੇ ਪਿੰਡ ਵਿਚ ਇਕ-ਦੋ ਪਰਿਵਾਰ ਐਸੇ ਸਨ, ਜਿਹਨਾਂ ਦਾ ਆਪਸ ਵਿਚ ਪਿਛਲੇ 20 ਸਾਲਾਂ ਤੋਂ ਬੋਲਚਾਲ ਬੰਦ ਸੀ।ਇਸ ਸੇਵਾ ਦੇ ਮੌਕੇ ਉਹ ਦੋਵੇਂ ਪਰਿਵਾਰ ਆਪਸ ਵਿਚ ਬੋਲਣ-ਚਾਲਣ ਲੱਗ ਪਏ। ਪਿਛਲੇ 20 ਸਾਲਾਂ ਤੋਂ ਕੋਈ ਐਸਾ ਸਾਂਝਾਂ ਪਲੇਟਫਾਰਮ ਹੀ ਨਹੀਂ ਸੀ ਮਿਲਿਆ, ਜਿਥੇ ਉਹ ਇਕੱਠੇ ਹੋ ਸਕਦੇ। ਬੇਸ਼ੱਕ ਹੜ੍ਹਾਂ ਨੇ ਸਾਡਾ ਬਹੁਤ ਨੁਕਸਾਨ ਕੀਤਾ, ਪਰ ਇਸ ਬਿਪਤਾ ਵਿਚ ਸਾਡੀਆਂ ਭਾਈਚਾਰਕ ਸਾਂਝਾਂ ਹੋਰ ਮਜ਼ਬੂਤ ਹੋਈਆਂ ਹਨ। ਸਰਹਾਲੀ ਸਾਹਿਬ ਵਾਲੇ ਮਹਾਂਪੁਰਖਾਂ ਨੇ ਹੜ੍ਹਾਂ ਮੌਕੇ ਬਹੁਤ ਵੱਡੇ ਸੇਵਾ ਕਾਰਜ ਕੀਤੇ ਹਨ। ਅੱਜ ਸਾਡੇ ਨਗਰ ਵਿੱਚ ਮਹਾਂਪੁਰਖ ਪਹੁੰਚੇ ਹਨ, ਅਸੀਂ ਗ੍ਰਾਮ ਪੰਚਾਇਤ ਅਤੇ ਸਾਧ ਸੰਗਤ ਵੱਲੋਂ ਮਹਾਂਪੁਰਖਾਂ ਨੂੰ ਹਾਰਦਿਕ 'ਜੀ ਆਇਆਂ' ਆਖਦੇ ਹਾਂ। ਸਾਡੇ ਨਗਰ ਵੱਲੋਂ ਸੇਵਾਦਾਰਾਂ ਦੀ ਸਦਾ ਤਿਆਰੀ ਰਹੇਗੀ। ਅਸੀਂ ਸਭ ਬਾਬਾ ਜੀ ਵਲੋਂ ਕਰਾਈ ਜਾਣ ਵਾਲੀ ਸੇਵਾ ਵਾਸਤੇ ਹੁਕਮ ਦੀ ਉਡੀਕ ਵਿਚ ਰਹਿੰਦੇ ਹਾਂ।

# ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 10 ਨਵੰਬਰ (ਦਵਿੰਦਰਪਾਲ ਸਿੰਘ)**



ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਅੱਜ ਦੀਵਾਲੀ ਅਤੇ ਬੰਦੀ ਛੋੜ ਦਿਵਸ ਸਬੰਧੀ ਦੁਨੀਆਂ ਭਰ ਵਿੱਚ ਰਹਿੰਦੇ ਸਾਰੇ ਪੰਜਾਬੀਆਂ ਨੂੰ ਦਿਲੋਂ ਵਧਾਈ ਦਿੱਤੀ ਹੈ।

ਉਨ੍ਹਾਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਇਹ ਤਿਉਹਾਰ ਸੱਚਾਈ ਅਤੇ ਅੱਛਾਈ ਦੇ ਮਾਰਗ ਤੇ ਚੱਲ ਕੇ ਆਪਣੀਆਂ ਪ੍ਰੰਮਪਰਾਵਾ ਅਤੇ ਮਰਿਆਦਾ ਦੀ ਪਾਲਣਾ ਦਾ ਪ੍ਰਤੀਕ ਹੈ। ਇਹ ਤਿਉਹਾਰ ਦੇਸ਼ ਦੀ ਸੱਭਿਆਚਾਰਕ ਵਿਰਾਸਤ ਦੀਆਂ ਕਦਰਾਂ ਕੀਮਤਾਂ ਅਤੇ ਵਿਚਾਰਾਂ ਨੂੰ ਦਰਸਾਉਂਦਾ ਹੈ।

ਉਨ੍ਹਾਂ ਨੇ ਕਿਹਾ ਕਿ ਮਰਿਆਦਾ ਪ੍ਰਸ਼ੋਤਮ ਸ੍ਰੀ ਰਾਮ ਜੀ ਨੂੰ ਭਗਵਾਨ ਵਿਸ਼ਨੂੰ ਦੇ ਅਵਤਾਰ ਵਜੋਂ ਜਾਣਿਆ ਜਾਦਾ ਹੈ, ਜਿਨ੍ਹਾਂ ਨੇ ਕੁੱਲ ਸੰਸਾਰ ਨੂੰ ਅਜਿਹੇ ਸੰਦੇਸ਼ ਦਿੱਤੇ, ਜਿਨ੍ਹਾਂ ਤੇ ਚੱਲਣ ਦੀ ਪ੍ਰੇਰਨਾ ਸਾਡੇ ਸਮਾਜ ਵਿਚ ਹਰ ਸਾਲ ਇਹ ਤਿਉਹਾਰ ਮਨਾ ਕੇ ਦਿੱਤੀ ਜਾ ਰਹੀ ਹੈ। ਦੀਵਾਲੀ ਰੋਸ਼ਨੀ ਦਾ ਤਿਉਹਾਰ ਹੈ। ਉਨ੍ਹਾਂ ਨੇ ਵਾਤਾਵਰਣ ਨੂੰ ਸੁਰੱਖਿਅਤ ਬਨਾਉਣ ਲਈ ਗਰੀਨ ਦੀਵਾਲੀ ਮਨਾਉਣ ਦੀ ਅਪੀਲ ਕੀਤੀ, ਕਿਉਂਕਿ ਪ੍ਰਦੂਸ਼ਣ ਦੀ ਸਮੱਸਿਆ ਬਹੁਤ ਗੰਭੀਰ ਹੈ ਅਤੇ ਇਹ ਸਾਨੂੰ ਸਭਨਾਂ ਨੂੰ ਪ੍ਰਭਾਵਿਤ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਸਾਰੇ ਦੇਸ਼ ਵਾਸੀਆਂ ਖਾਸ ਤੌਰ 'ਤੇ ਸਿੱਖ ਕੌਮ ਨੂੰ ਇਤਿਹਾਸਕ 'ਬੰਦੀ ਛੋੜ ਦਿਵਸ' ਮੌਕੇ ਵੀ ਵਧਾਈ ਦਿੱਤੀ ਹੈ। ਇਸ ਦਿਨ ਛੇਵੇਂ ਗੁਰੂ ਸ੍ਰੀ ਹਰਗੋਬਿੰਦ ਸਾਹਿਬ ਨੇ ਸਾਲ 1612 ਦੀਵਾਲੀ ਵਾਲੇ ਦਿਨ ਗਵਾਲੀਅਰ ਦੇ ਕਿਲੇ ਤੋਂ 52 ਹਿੰਦੂ ਰਾਜਿਆਂ ਦੀ ਰਿਹਾਈ ਕਰਵਾਈ ਸੀ।

ਹਰਜੋਤ ਬੈਂਸ ਨੇ ਸੂਬੇ ਦੇ ਲੋਕਾਂ ਦੀ ਭਲਾਈ ਤੇ ਚੰਗੀ ਸਿਹਤ ਲਈ ਅਰਦਾਸ ਕੀਤੀ ਅਤੇ ਉਮੀਦ ਪ੍ਰਗਟਾਈ ਕਿ ਇਹ ਤਿਉਹਾਰ ਫਿਰਕੂ ਸਦਭਾਵਨਾ, ਭਾਈਚਾਰਕ ਸਾਂਝ, ਸ਼ਾਂਤੀ ਅਤੇ ਧਰਮ ਨਿਰਪੱਖਤਾ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਦਾ ਹੈ।



# ਸਰਕਾਰੀ ਆਈ.ਟੀ.ਆਈ. ਵਿਖੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਸਬੰਧੀ ਸਿਖਿਆਰਥੀਆਂ ਨੂੰ ਕੀਤਾ ਗਿਆ ਜਾਗਰੂਕ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 10 ਨਵੰਬਰ (ਦਵਿੰਦਰਪਾਲ ਸਿੰਘ)**

ਸ.ਹਰਜੋਤ ਸਿੰਘ ਬੈਂਸ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਦੀ ਅਗਵਾਈ ਅਤੇ ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੰਸਥਾ ਦੇ ਪ੍ਰਿੰ.ਗੁਰਬਿੰਦਰ ਸਿੰਘ ਬੰਗਾ ਦੀ ਅਗਵਾਈ ਵਿੱਚ ਸਿਖਿਆਰਥੀਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਕਾਰਜ ਹਿੱਤ ਸਿਖਿਆਰਥੀਆਂ ਦੇ ਗ੍ਰੀਨ ਦੀਵਾਲੀ ਨਾਲ ਸਬੰਧਤ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਸਿਖਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਗੁਰਬਿੰਦਰ ਸਿੰਘ ਬੰਗਾ ਨੇ ਸਿਖਿਆਰਥੀਆਂ ਨੂੰ ਵਾਤਾਵਰਣ ਦੀ ਮਹੱਤਤਾ ਬਾਰੇ ਦੱਸਦੇ ਹੋਏ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਸੁਪਰਡੈਂਟ ਹਰਵਿੰਦਰ ਸਿੰਘ, ਰਾਜਵਿੰਦਰ ਸਿੰਘ, ਜਸਕਰਨ ਸਿੰਘ, ਮਨਿੰਦਰ ਕੌਰ, ਕੁਲਦੀਪ ਕੌਰ, ਸੀਮਾ ਦੇਵੀ, ਜੀਵਨ ਸਿੰਘ ਕੰਗ, ਸੁਰਿੰਦਰ ਸਿੰਘ, ਲਖਵਿੰਦਰ ਸਿੰਘ, ਹਰਵਿੰਦਰ ਸਿੰਘ, ਵਿਨੋਦ ਕੁਮਾਰ, ਮਿਤੇਸ਼ ਕੁਮਾਰ ਭਟੌਆ ਹਾਜ਼ਰ ਸਨ।



# ਪ੍ਰੋਫੈਸਰ ਹਿੰਮਤ ਸਿੰਘ ਵੱਲੋਂ *ਬਲੱਡ ਵਾਲਟ ਲਾਇਬ੍ਰੇਰੀ ਨੂੰ ਕਿਤਾਬਾਂ ਦਾਨ ਕੀਤੀਆਂ

ਲੋਕ ਬਾਣੀ/ ਚੋਹਲਾ ਸਾਹਿਬ 10 ਨਵੰਬਰ (ਭਗਤ ਸਿੰਘ ਸੰਧੂ )

ਲੰਮੇ ਸਮੇਂ ਤੋਂ ਕਿਤਾਬਾਂ ਦੀ ਸੇਵਾ ਨਿਭਾ ਰਹੀ ਬਲੱਡ ਵਾਲਟ ਲਾਇਬ੍ਰੇਰੀ ਚੋਹਲਾ ਸਾਹਿਬ ਵਿਖੇ ਅੱਜ ਪ੍ਰੋਫੈਸਰ ਹਿੰਮਤ ਸਿੰਘ , ਪ੍ਰੋਫੈਸਰ ਬਲਜਿੰਦਰ ਸਿੰਘ,ਪ੍ਰੋਫੈਸਰ ਕਿਰਨਬੀਰ ਕੌਰ ਅਤੇ ਪ੍ਰੋਫੈਸਰ ਪ੍ਰਿਤਬੀਰ ਕੌਰ ਵੱਲੋਂ ਕਿਤਾਬਾਂ ਦਾਨ ਕੀਤੀਆਂ ਗਈਆਂ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰੋਫੈਸਰ ਹਿੰਮਤ ਸਿੰਘ ਨੇ ਦੱਸਿਆ ਕਿ ਕਿਤਾਬਾਂ ਮਨੁੱਖ ਦਾ ਤੀਸਰਾ ਨੇਤਰ ਹੁੰਦੀਆਂ ਹਨ ਜਿਹੜਾ ਮਨੁੱਖ ਕਿਤਾਬਾਂ ਨਾਲ ਦੋਸਤੀ ਲਾਉਂਦਾ ਹੈ ਉਸਨੂੰ ਬਹੁਤ ਸਾਰਾ ਗਿਆਨ ਹਾਸਿਲ ਹੁੰਦਾ ਹੈ ਅਤੇ ਨਾਲ ਨਾਲ ਜਿੰਦਗੀ ਜਿਉਣ ਦਾ ਸਲੀਕਾ ਵੀ ਮਿਲ ਜਾਂਦਾ ਹੈ।ਉਹਨਾਂ ਅਪੀਲ ਕੀਤੀ ਕਿ ਬਲੱਡ ਵਾਲਟ ਲਾਇਬ੍ਰੇਰੀ ਤੋਂ ਪਾਠਕ ਕਿਤਾਬਾਂ ਪੜ੍ਹਨ ਅਤੇ ਕਿਤਾਬਾਂ ਦਾਨ ਵੀ ਕਰਨ ਤਾਂ ਜੋ ਵੱਧ ਤੋਂ ਵੱਧ ਪਾਠਕ ਕਿਤਾਬਾਂ ਪੜ ਸਕਣ।

ਇਸ ਸਮੇਂ ਬਲੱਡ ਵਾਲਟ ਲਾਇਬ੍ਰੇਰੀ ਦੇ ਸੰਚਾਲਕ ਸਨਦੀਪ ਸਿੱਧੂ ਅਤੇ ਪ੍ਰਬੰਧਕ ਪਰਮਿੰਦਰ ਚੋਹਲਾ ਨੇ ਸਾਂਝੇ ਰੂਪ ਵਿੱਚ ਕਿਹਾ ਕਿ ਬਲੱੜ ਵਾਲਟ ਲਾਇਬ੍ਰੇਰੀ ਲੰਮੇ ਸਮੇਂ ਤੋਂ ਕਿਤਾਬਾਂ ਦੀ ਸੇਵਾ ਨਿਭਾ ਰਹੀ ਹੈ ਅਤੇ ਪਾਠਕ ਰੋਜ਼ਾਨਾ ਇਸ ਲਾਇਬ੍ਰੇਰੀਤੋਂ ਪੜਨ ਲਈ ਕਿਤਾਬਾਂ ਘਰ ਲੈ ਜਾਂਦੇ ਹਨ ਅਤੇ ਕੁਝ ਦਿਨਾਂ ਬਾਅਦ ਕਿਤਾਬਾਂ ਵਾਪਿਸ ਕਰ ਜਾਂਦੇ ਹਨ।ਉਹਨਾਂ ਦੱਸਿਆ ਕਿ ਕਾਫੀ ਦਾਨੀ ਸੱਜਣਾਂ ਵੱਲੋਂ ਸਮੇਂ ਸਮੇਂ ਤੇ ਇਸ ਲਾਇਬ੍ਰੇਰੀ ਦੀ ਕਿਤਾਬਾਂ ਦਾਨ ਕਰਨ ਦੀ ਸੇਵਾ ਅਤੇ ਮਾਲੀ ਮਦਦ ਕੀਤੀ ਜਾਂਦੀ ਹੈ।ਉਹਨਾਂ ਅਪੀਲ ਕੀਤੀ ਕਿ ਪਾਠਕ ਵੱਧ ਤੋਂ ਵੱਧ ਕਿਤਾਬਾਂ ਪੜਣ ਅਤੇ ਦੂਸਰਿਆਂ ਵਿੱਚ ਵੀ ਕਿਤਾਬਾਂ ਪ੍ਰਤੀ ਰੁਚੀ ਪੈਦਾ ਕਰਨ।

# ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਵਿਗਿਆਨੀ ਵੱਲੋਂ ਡੀ.ਸੀ., ਐਸ.ਐਸ.ਪੀ. ਨਾਲ ਮੀਟਿੰਗ

## ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ 'ਤੇ ਕੀਤੀ ਚਰਚਾ

ਲੋਕ ਬਾਣੀ/ ਫਿਰੋਜ਼ਪੁਰ: 10 ਨਵੰਬਰ (ਪ੍ਰਮੋਦ ਕੁਮਾਰ)

ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਪੰਜਾਬ ਅਤੇ ਹਰਿਆਣਾ ਰਾਜਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਤੇ ਇਸ ਸਬੰਧੀ ਚੁੱਕੇ ਜਾ ਰਹੇ ਕਦਮਾਂ ਬਾਰੇ ਨਿਗਰਾਨੀ ਲਈ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵਿਗਿਆਨੀ ਫਲਾਈਂਗ ਸਕੁਐਡ ਵਜੋਂ ਨਾਮਜ਼ਦ ਕੀਤੇ ਗਏ ਹਨ। ਜਿਸ ਤਹਿਤ ਫ਼ਿਰੋਜ਼ਪੁਰ ਵਿਖੇ ਸ੍ਰੀ ਭੁਪਿੰਦਰ ਕੁਮਾਰ ਨੂੰ ਫਲਾਇੰਗ ਸਕੁਐਡ ਵਜੋਂ ਤਾਇਨਾਤ ਕੀਤਾ ਗਿਆ ਹੈ, ਜਿਹਨਾਂ ਵਲੋਂ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਆਈ.ਏ.ਐਸ. ਅਤੇ ਜ਼ਿਲ੍ਹਾ ਪੁਲਿਸ ਮੁਖੀ ਨਾਲ ਮੀਟਿੰਗ ਕਰਕੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ 'ਤੇ ਵਿਚਾਰ ਚਰਚਾ ਕੀਤੀ ਗਈ।




ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਪਰਾਲੀ ਸਾੜਨ ਦੇ ਰੁਝਾਨ ਨੂੰ ਤੁਰੰਤ ਰੋਕਣ ਲਈ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਅਧਿਕਾਰੀਆਂ ਵੱਲੋਂ ਲਗਾਤਾਰ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਦੱਸਿਆ ਕਿ ਅੱਗ ਲਗਾਉਣ ਦੀ ਰਵਾਇਤ ਤੇ ਤੁਰੰਤ ਕੰਟਰੋਲ ਕਰਨ ਲਈ ਸਿਵਲ ਅਧਿਕਾਰੀਆਂ ਵੱਲੋਂ ਸਮੇਤ ਪੁਲਿਸ ਪਾਰਟੀ ਹੌਟਸਪੌਟਸ ਪਿੰਡਾਂ ਵਿੱਚ ਸਾਂਝੀਆਂ ਗਸ਼ਤਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਹੌਟਸਪੌਟਸ ਪਿੰਡਾਂ ਵਿਚ ਪਹਿਲ ਦੇ ਆਧਾਰ 'ਤੇ ਪਰਾਲੀ ਪ੍ਰਬੰਧਨ ਲਈ ਮਸ਼ੀਨਰੀ ਉਪਲੱਬਧ ਕਾਰਵਾਈ ਗਈ ਹੈ। ਜਿਸ ਨਾਲ ਬੀਤੇ ਸਾਲ ਦੇ ਮੁਕਾਬਲੇ ਇਸ ਸਾਲ ਪਰਾਲੀ ਸਾੜਨ ਦੀਆਂ ਘਟਨਾਵਾਂ 'ਚ ਕਮੀ ਆਈ ਹੈ।

ਉਨ੍ਹਾਂ ਦੱਸਿਆ ਕਿ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਸਾਂਝੀ ਗਸ਼ਤ ਲੋਕਾਂ ਨੂੰ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਰਹੀ ਹੈ। ਉਨ੍ਹਾਂ ਦੱਸਿਆ ਕਿ ਡੀ.ਐਸ.ਪੀਜ. ਅਤੇ ਐਸ.ਐਚ.ਓਜ ਆਪਣੇ ਅਧਿਕਾਰ ਖੇਤਰ ਅਧੀਨ ਕਿਸਾਨਾਂ, ਸਰਪੰਚਾਂ,ਪੰਚਾਂ, ਕਿਸਾਨ ਯੂਨੀਅਨ ਨਾਲ ਲਗਾਤਾਰ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਪਰਾਲੀ ਦੇ ਪੁਖ਼ਤਾ ਪ੍ਰਬੰਧਨ ਲਈ ਪ੍ਰਸ਼ਾਸਨ ਦੇ ਸਾਥ ਦੇਣ ਲਈ ਪ੍ਰੇਰਿਤ ਕਰ ਰਹੇ ਹਨ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਸ਼ਰਮਾ, ਐਸ.ਪੀ.(ਡੀ) ਸ੍ਰੀ ਰਣਧੀਰ ਕੁਮਾਰ, ਐਸ.ਪੀ.(ਐਚ) ਸ੍ਰੀ ਸੋਹਨ ਲਾਲ ਸੋਨੀ, ਮੁੱਖ ਖੇਤੀਬਾੜੀ ਅਫ਼ਸਰ ਸ੍ਰੀ ਜੰਗੀਰ ਸਿੰਘ, ਖੇਤੀਬਾੜੀ ਵਿਕਾਸ ਅਫਸਰ ਸ੍ਰੀ ਗੁਰਵੰਤ ਸਿੰਘ ਵੀ ਹਾਜ਼ਰ ਸਨ।

# ਅਜ਼ਾਦੀ ਘੁਲਾਟੀਏ ਜਵਾਹਰ ਲਾਲ ਸ਼ਰਮਾ ਦੇ ਭੋਗ 'ਤੇ ਪੁੱਜੇ ਪ੍ਰਸ਼ਾਸਨਿਕ ਅਧਿਕਾਰੀ ਪਰਿਵਾਰ ਨਾਲ ਦੁੱਖ ਵੰਡਾਇਆ

ਲੋਕ ਬਾਣੀ/ ਫਿਰੋਜ਼ਪੁਰ: 10 ਨਵੰਬਰ (ਪ੍ਰਮੋਦ ਕੁਮਾਰ)



ਦੇਸ਼ ਦੀ ਅਜ਼ਾਦੀ ਲਈ ਲੜੇ ਗਏ ਸੰਗਰਾਮ ਮੌਕੇ ਵੱਡੀ ਗਿਣਤੀ ਵਿੱਚ ਸ਼ਹੀਦਾਂ ਨੇ ਜਿੱਥੇ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਦੇਸ਼ ਦੀ ਅਜ਼ਾਦੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਉੱਥੇ ਹੀ ਅਜ਼ਾਦੀ ਸੰਗਰਾਮੀਆਂ ਤੇ ਅਜ਼ਾਦੀ ਘੁਲਾਟੀਆਂ ਦੇ ਸੰਘਰਸ਼ ਨੂੰ ਕਦੇ ਵੀ ਨਹੀਂ ਭੁਲਾਇਆ ਜਾ ਸਕਦਾ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਅਜ਼ਾਦੀ ਘੁਲਾਟੀਏ ਸ੍ਰੀ ਜਵਾਹਰ ਲਾਲ ਸ਼ਰਮਾ ਜੋ ਪਿਛਲੇ ਦਿਨੀਂ ਸਵਰਗਵਾਸ ਹੋ ਗਏ ਸਨ, ਦੇ ਭੋਗ ਅਤੇ ਅੰਤਿਮ ਅਰਦਾਸ ਸਮੇਂ ਭੇਜੇ ਗਏ ਆਪਣੇ ਸ਼ੋਕ ਸੁਨੇਹੇ ਵਿੱਚ ਪ੍ਰਗਟ ਕੀਤਾ। ਉਨ੍ਹਾਂ ਅਜ਼ਾਦੀ ਘੁਲਾਟੀਏ ਜਵਾਹਰ ਲਾਲ ਸ਼ਰਮਾ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਇਕ ਨੇਕ ਦਿਲ ਇਨਸਾਨ ਦੱਸਿਆ ਅਤੇ ਕਿਹਾ ਕਿ ਉਨ੍ਹਾਂ ਵੱਲੋਂ ਦੇਸ਼ ਦੀ ਆਜ਼ਾਦੀ ਦੇ ਅੰਦੋਲਨ ਵਿੱਚ ਪਾਏ ਗਏ ਯੋਗਦਾਨ ਨੂੰ ਕੱਦੇ ਨਹੀਂ ਭੁਲਾਇਆ ਜਾ ਸਕਦਾ। ਅਜ਼ਾਦੀ ਘੁਲਾਟੀਏ ਸ੍ਰੀ ਜਵਾਹਰ ਲਾਲ ਸ਼ਰਮਾ ਨਮਿਤ ਅੰਤਿਮ ਅਰਦਾਸ ਅੱਜ ਇੱਥੋਂ ਦੇ ਪਿੰਡ ਕਮੱਗਰ ਵਿਖੇ ਹੋਈ। ਜਿਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਸ੍ਰੀ ਪ੍ਰਦੀਪ ਕੁਮਾਰ, ਮੁਲਾਜਮ ਜਥੇਬਦੀ ਦੇ ਆਗੂ ਸ੍ਰੀ ਮਨੋਹਰ ਲਾਲ ਨੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਵੰਡਾਇਆ। ਤਹਿਸੀਲਦਾਰ ਸ੍ਰੀ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਅਜ਼ਾਦੀ ਘੁਲਾਟੀਏ ਜਵਾਹਰ ਲਾਲ ਸ਼ਰਮਾ ਨੇ ਭਾਰਤ ਦੇਸ਼ ਅੰਦਰ 1942 'ਚ ਦੇਸ਼ ਦੀ ਅਜ਼ਾਦੀ ਦੇ ਅੰਦੋਲਨ ਵਿੱਚ ਆਪਣੇ ਮਾਮਾ ਜੀ ਨਾਲ ਹਿੱਸਾ ਲਿਆ ਅਤੇ ਜੇਲ੍ਹ ਕੱਟੀ ਸੀ। ਉਨ੍ਹਾਂ ਦੀਆਂ 6 ਲੜਕੀਆਂ ਤੇ 1 ਲੜਕਾ ਹੈ। ਇਸ ਮੌਕੇ ਜਵਾਹਰ ਲਾਲ ਸ਼ਰਮਾ ਜੀ ਦੇ ਛੋਟੇ ਭਰਾ ਸ੍ਰੀ ਕਮਲ ਕੁਮਾਰ ਸਮੇਤ ਪਰਿਵਾਰਕ ਮੈਂਬਰ, ਰਿਸ਼ਤੇਦਾਰ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਵਿਦਿਆਰਥੀਆਂ ਨੇ ਊਰਜਾ ਬਚਾਓ ਦਿਵਸ ‘ਤੇ ਵਾਤਾਵਰਣ ਅਨੁਕੂਲ ਮਾਡਲ ਪ੍ਰਦਰਸ਼ਿਤ ਕੀਤੇ






ਲੋਕ ਬਾਣੀ/ ਅਮੁਲਿਆ, ਚੰਡੀਗੜ੍ਹ

ਸਕੂਲ ਦੀ ਐਮ.ਡੀ.ਏ.ਵੀ ਇਮਾਰਤ ਵਿੱਚ ਵਾਤਾਵਰਨ ਵਿਭਾਗ ਚੰਡੀਗੜ੍ਹ ਦੇ ਸਹਿਯੋਗ ਨਾਲ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਦਰੀਆ, ਚੰਡੀਗੜ੍ਹ ਵਿੱਚ ਊਰਜਾ ਸੰਭਾਲ ਦਿਵਸ ਮੌਕੇ ਈਕੋ ਫਰੈਂਡਲੀ ਮਾਡਲਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਪ੍ਰਦਰਸ਼ਨੀ ਦਾ ਉਦਘਾਟਨ ਐਨਆਰਆਈ ਡਾ: ਸਰਿਤਾ ਮਹਿਤਾ ਨੇ ਕੀਤਾ। ਪ੍ਰਦਰਸ਼ਨੀ ਦੀ ਪ੍ਰਧਾਨਗੀ ਸਕੂਲ ਦੇ ਸਰਪ੍ਰਸਤ ਐਨਆਰਆਈ ਸੁਦਰਸ਼ਨ ਗਰਗ ਨੇ ਕੀਤੀ। ਉਨ੍ਹਾਂ ਪ੍ਰਦਰਸ਼ਨੀ ਦਾ ਦੌਰਾ ਕਰਦਿਆਂ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਵਿਦਿਆਰਥੀਆਂ ਨੇ ਵਾਤਾਵਰਣ ਪੱਖੀ ਊਰਜਾ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਮਾਡਲ ਪ੍ਰਦਰਸ਼ਿਤ ਕੀਤੇ। ਵਿਦਿਆਰਥੀਆਂ ਨੇ ਮਾਡਲਾਂ ਰਾਹੀਂ ਸਮਝਾਇਆ ਕਿ ਨਵਿਆਉਣਯੋਗ ਊਰਜਾ ਦੀ ਵਰਤੋਂ ਨਾਲ ਕੁਦਰਤੀ ਸਰੋਤਾਂ ‘ਤੇ ਸਕਾਰਾਤਮਕ ਪ੍ਰਭਾਵ ਪੈਂਦਾ ਹੈ। ਵਾਹਨਾਂ ਅਤੇ ਫੈਕਟਰੀਆਂ ਵਿੱਚੋਂ ਨਿਕਲਦਾ ਧੂੰਆਂ ਪ੍ਰਦੂਸ਼ਣ ਫੈਲਾਉਂਦਾ ਹੈ। ਇਸ ਕਾਰਨ ਮਨੁੱਖਾਂ ਅਤੇ ਜਾਨਵਰਾਂ ਦੀ ਹੋਂਦ ਖ਼ਤਰੇ ਵਿੱਚ ਹੈ। ਵਾਤਾਵਰਨ ਨੂੰ ਬਚਾਉਣ ਲਈ ਨਵੀਂ ਤਕਨੀਕ ਦੀ ਵਰਤੋਂ ਕਰਨੀ ਪਵੇਗੀ। ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਘਰਾਂ, ਗਲੀਆਂ ਅਤੇ ਸੜਕਾਂ ਵਿੱਚ ਸੋਲਰ ਲਾਈਟਾਂ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ। ਵਿੰਡਮਿਲ ਮਾਡਲ ਦੇ ਆਧਾਰ ‘ਤੇ ਊਰਜਾ ਕੁਸ਼ਲਤਾ ਨੂੰ ਉਤਸ਼ਾਹਿਤ ਕਰਨ ‘ਤੇ ਜ਼ੋਰ ਦਿੱਤਾ ਗਿਆ। ਮਾਡਲਾਂ ਨੇ ਪਾਣੀ ਦੀ ਸਹੀ ਵਰਤੋਂ ਦਿਖਾਈ। ਉਨ੍ਹਾਂ ਦੱਸਿਆ ਕਿ ਗਲੋਬਲ ਵਾਰਮਿੰਗ ਕਾਰਨ ਗਲੇਸ਼ੀਅਰ ਪਿਘਲ ਰਹੇ ਹਨ। ਜੇਕਰ ਇਹ ਸਿਲਸਿਲਾ ਜਾਰੀ ਰਿਹਾ ਤਾਂ ਧਰਤੀ ਪਾਣੀ ਨਾਲ ਢਕ ਜਾਵੇਗੀ। ਮਾਡਲ ਰਾਹੀਂ ਟਰਾਂਸਪੋਰਟ ਸਿਸਟਮ ਨੂੰ ਸੁਧਾਰਨ ਦਾ ਸੁਨੇਹਾ ਦਿੱਤਾ। ਰੁੱਤਾਂ ਦੇ ਬਦਲਾਅ ਨੂੰ ਚੰਗੀ ਤਰ੍ਹਾਂ ਪੇਸ਼ ਕੀਤਾ ਗਿਆ ਸੀ। ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਪਸ਼ੂਆਂ ਦੇ ਸੈੱਲ, ਕੂੜਾ ਕਰਕਟ ਬਣਾਉਣ, ਕੂੜੇ ਦੇ ਨਿਪਟਾਰੇ ਦੀ ਪ੍ਰਕਿਰਿਆ, ਫੁੱਲਾਂ ਦਾ ਅਧਿਐਨ, ਸਰੀਰਕ ਬਣਤਰ ਆਦਿ ਨੂੰ ਮਾਡਲਾਂ ਤਹਿਤ ਦਿਖਾਇਆ। ਜੂਨੀਅਰ ਵਰਗ ਵਿੱਚ ਰਾਜ ਅਤੇ ਹੇਮੰਤ ਨੇ ਪਹਿਲਾ ਸਥਾਨ, ਰੀਆ ਨੇ ਦੂਸਰਾ ਸਥਾਨ ਅਤੇ ਕਾਜਲ, ਸ਼ਬਨਮ ਅਤੇ ਦਿਵਿਆ ਨੇ ਚੰਗੇ ਮਾਡਲ ਬਣਾਉਣ ਲਈ ਤੀਸਰਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਵਰਗ ਵਿੱਚ ਲਕਸ਼ੈ, ਸ਼ਿਵਮ ਅਤੇ ਵਿਰਾਟ ਪਹਿਲੇ, ਰਾਗਿਨੀ ਅਤੇ ਰੂਪਾਂਸ਼ੂ ਦੂਜੇ ਅਤੇ ਤਾਨਿਆ, ਨਿਖਿਲ ਅਤੇ ਸੂਰਜ ਤੀਜੇ ਸਥਾਨ ’ਤੇ ਰਹੇ। ਵਿਦਿਆਰਥੀਆਂ ਨੂੰ ਵਧੀਆ ਕਾਰਗੁਜ਼ਾਰੀ ਲਈ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਐਨਆਰਆਈ ਸੁਦਰਸ਼ਨ ਗਰਗ ਅਤੇ ਡਾ: ਸਰਿਤਾ ਮਹਿਤਾ ਨੇ ਵਿਦਿਆਰਥੀਆਂ ਵੱਲੋਂ ਪ੍ਰਦਰਸ਼ਿਤ ਮਾਡਲਾਂ ਦੀ ਭਰਪੂਰ ਸ਼ਲਾਘਾ ਕੀਤੀ । ਸਕੂਲ ਦੇ ਪ੍ਰਿੰਸੀਪਲ ਡਾ.ਵਿਨੋਦ ਕੁਮਾਰ ਨੇ ਦੱਸਿਆ ਕਿ ਇਸ ਪ੍ਰਦਰਸ਼ਨੀ ਦਾ ਮੁੱਖ ਮੰਤਵ ਊਰਜਾ ਦੀ ਸੰਭਾਲ ਨੂੰ ਉਤਸ਼ਾਹਿਤ ਕਰਨਾ ਹੈ।

## ਫੂਡ ਸੇਫਟੀ ਟੀਮ ਵੱਲੋਂ 11 ਕੁਇੰਟਲ ਦੇਸੀ ਘਿਓ ਜਬਤ,60 ਕਿਲੋ ਰੰਗਦਾਰ ਮਿਠਾਈਆਂ ਅਤੇ 75 ਕਿਲੋ ਗੈਰ ਮਿਆਰੀ ਕਰੀਮ ਕਰਵਾਈ ਨਸ਼ਟ

### ਤਿਉਹਾਰਾਂ ਮੌਕੇ ਉਲੀਕੀ ਵਿਸ਼ੇਸ਼ ਚੈਕਿੰਗ ਦੌਰਾਨ ਭਰੇ 63 ਸੈਂਪਲ

ਲੋਕ ਬਾਣੀ/ ਮਾਲੇਰਕੋਟਲਾ 10 ਨਵੰਬਰ : ( ਵਰਿੰਦਰ ਗਿੱਲ)



ਕਮਿਸ਼ਨਰ ਫੂਡ ਸੇਫਟੀ ਪੰਜਾਬ ਸ੍ਰੀ ਅਭਿਨਵ ਤ੍ਰਿਖਾ ਅਤੇ ਡਿਪਟੀ ਕਮਿਸ਼ਨਰ ਮਲੇਰਕੋਟਲਾ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤਿਉਹਾਰਾਂ ਮੌਕੇ ਆਮ ਲੋਕਾਂ ਨੂੰ ਮਿਆਰੀ ਮਠਿਆਈਆਂ ਅਤੇ ਖਾਣ ਪੀਣ ਵਾਲੀਆਂ ਵਸਤੂਆਂ ਦੀ ਉਪਲੱਧਤਾ ਯਕੀਨੀ ਬਣਾਉਣ ਲਈ ਵਿਸ਼ੇਸ਼ ਚੈਕਿੰਗ ਮੁਹਿੰਮ ਤਹਿਤ ਜਿਲੇ ਦੇ ਵੱਖ ਵੱਖ ਸ਼ਹਿਰਾਂ ਦੀ ਕਸਬਿਆਂ ਵਿੱਚ ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਵੱਲੋਂ ਵੱਖ ਵੱਖ ਖਾਣ ਪੀਣ ਵਾਲੀਆਂ ਚੀਜ਼ਾਂ ਦੀ ਚੈਕਿੰਗ ਲਗਾਤਾਰ ਕੀਤੀ ਜਾ ਰਹੀ ਹੈ। ਫੂਡ ਸੇਫਟੀ ਅਫਸਰ ਦਿਵਿਆਜੋਤ ਕੌਰ ਨੇ ਦੱਸਿਆ ਉਨ੍ਹਾਂ ਦੀ ਟੀਮ ਵੱਲੋਂ ਡੇਅਰੀ ਦੀ ਚੈਕਿੰਗ ਕਰਕੇ ਸ਼ੱਕ ਦੇ ਅਧਾਰ ਤੇ ਸੈਂਪਲ ਲੈਣ ਉਪਰੰਤ 11 ਕੁਇੰਟਲ ਦੇਸੀ ਘਿਓ ਅਤੇ ਦੋ ਕਾਰਟਨ ਮਿਕਸ ਫੇਟ ਸਪਰੈਡ ਜਬਤ ਕੀਤਾ ਗਿਆ , ਇਨ੍ਹਾਂ ਸੈਂਪਲਾਂ ਨੂੰ ਜਾਂਚ ਲਈ ਲੈਬਾਰਟਰੀ ਵਿਖੇ ਭੇਜਿਆ ਜਾਵੇਗਾ ਅਤੇ ਲੈਬਾਰਟਰੀ ਜਾਂਚ ਉਪਰੰਤ ਫੂਡ ਸੇਫਟੀ ਐਕਟ ਤਹਿਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਜਾਣਕਾਰੀ ਦਿੰਦਿਆ ਉਹਨਾਂ ਨੇ ਦੱਸਿਆ ਕਿ ਵਿਭਾਗ ਵੱਲੋਂ ਹੁਣ ਤੱਕ ਖਾਣ ਪੀਣ ਵਾਲੀਆਂ ਵਸਤੂਆਂ ਦੇ 63 ਸੈਂਪਲ ਭਰੇ ਗਏ ਹਨ,ਲਗਭਗ 60 ਕਿਲੋ ਗਹਿਰੇ ਰੰਗਾਂ ਵਾਲੀ ਮਿਠਾਈਆਂ ਅਤੇ 75 ਕਿਲੋ ਗੈਰ ਮਿਆਰੀ ਕਰੀਮ ਨੂੰ ਨਸ਼ਟ ਕਰਾਇਆ ਗਿਆ ਹੈ।ਉਨ੍ਹਾਂ ਦੀ ਟੀਮ ਵੱਲੋਂ ਦੁਕਾਨਦਾਰਾਂ ਨੂੰ ਫੂਡ ਸੇਫਟੀ ਅਤੇ ਸਟੈਂਡਰਡ ਐਕਟ ਦੇ ਮਾਪਦੰਡਾਂ ਅਨੁਸਾਰ ਮਨਜ਼ੂਰ ਸ਼ੁਦਾ ਰੰਗ ਵਰਤਣ, ਵਧੀਆ ਕੁਆਲਿਟੀ ਦਾ ਵਰਕ ਵਰਤਣ,ਵਸਤਾਂ ਦੇ ਉਤਪਾਦਨ ਅਤੇ ਵਿਕਰੀ ਸਮੇਂ ਸਾਫ ਸਫਾਈ ਦਾ ਖਾਸ ਧਿਆਨ ਰੱਖਣ ਦੀ ਚਿਤਾਵਨੀ ਦਿੰਦਿਆਂ ਕਿਹਾ ਜੇਕਰ ਕੋਈ ਵੀ ਦੁਕਾਨਦਾਰ ਘਟੀਆ ਜਾਂ ਮਿਲਾਵਟੀ ਖਾਧ ਪਦਾਰਥ ਵੇਚਦਾ ਪਾਇਆ ਗਿਆ ਤਾਂ ਉਸ ਦੇ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ ।

## ਚਿੱਟੇ ਦਿਨ ਬਜ਼ਾਰ ਵਿੱਚੋ ਵਿਅਕਤੀ ਤੋ ਲੁੱਟੇ 50 ਹਜ਼ਾਰ ਰੁਪਏ

ਲੋਕ ਬਾਣੀ/ ਅਮਰਗੜ੍ਹ/ਮਾਲੇਰਕੋਟਲਾ 10 ਨਵੰਬਰ (ਵਰਿੰਦਰ ਗਿੱਲ)




ਘਟਨਾ ਹਲਕਾ ਅਮਰਗੜ੍ਹ ਦੀ ਹੈ, ਜਿੱਥੇ 8 ਨਵੰਬਰ ਸਮਾਂ ਬਾਅਦ ਦੁਪਹਿਰ 3.30 ਵਜੇ ਚੌਂਦਾ ਮੋੜ ਸਥਿਤ ਐਸ.ਬੀ.ਆਈ ਬੈਂਕ ਵਿੱਚੋ 50 ਹਜ਼ਾਰ ਰੁਪਏ ਕਢਵਾ ਕੇ ਨਿਕਲੇ ਵਿਅਕਤੀ ਤੋ ਦੋ ਅਣਪਛਾਤੇ ਨੌਜਵਾਨ ਲੁੱਟ ਕੇ ਰਫੂ ਚੱਕਰ ਹੋ ਗਏ ਹਨ, ਲੁੱਟ ਦਾ ਸ਼ਿਕਾਰ ਹੋਏ ਹਰਦੀਪ ਸਿੰਘ ਨੇ ਗੱਲਬਾਤ ਦੌਂਰਾਨ ਦੱਸਿਆ, ਕਿ ਜਦੋ ਹੀ ਉਹ ਬੈਂਕ ਵਿੱਚੋ ਪੈਸੇ ਲੈਕੇ ਬਾਹਰ ਨਿਕਲਿਆ ਤਾਂ ਦੋ ਅਣਪਛਾਤੇ ਵਿਅਕਤੀ ਉਸ ਪਾਸ ਆਕੇ ਰੁਕੇ ਤੇ ਕਹਿਣ ਲੱਗੇ ਕੀ ਅਸੀਂ ਕਿਸੇ ਦੁਕਾਨਦਾਰ ਦੇ ਪੰਜਾਹ ਹਜ਼ਾਰ ਰੁਪਏ ਦੇਣੇ ਹਨ, ਪਰ ਉਹਨਾਂ ਕੋਲ ਦੋ ਲੱਖ ਰੁਪਏ ਦੇ ਛੋਟੇ ਨੋਟ ਹਨ। ਉਹਨਾਂ ਨੇ ਮੇਨੂ ਝਾਂਸੇ ਵਿੱਚ ਲਿਆ ਅਤੇ ਕਿਹਾ ਕੀ ਤੁਸੀਂ ਸਾਂਨੂੰ ਆਪਣੇ ਪੰਜਾਹ ਹਜ਼ਾਰ ਰੁਪੇ ਦੇ ਦਿਓ ਤੇ ਬਦਲੇ ਵਿੱਚ ਆਹ ਦੋ ਲੱਖ ਰੁਪਏ ਵਾਲਾ ਝੋਲਾ ਆਪਣੇ ਕੋਲ ਅਮਾਨਤ ਦੇ ਤੋਰ ਤੇ ਰੱਖ ਲਓ, ਜਦੋ ਅਸੀਂ ਦੁਕਾਨਦਾਰ ਦੇ ਪੈਸੇ ਦੇ ਕੇ ਵਾਪਿਸ ਆ ਗਏ ਤਾ ਤੁਹਾਡੇ ਪੰਜਾਹ ਹਜ਼ਾਰ ਨਾਲ ਤੁਹਾਨੂੰ ਕੁਝ ਪੈਸੇ ਆਪਣੇ ਕੋਲੋ ਵੀ ਦੇ ਦੇਵਾਗੇ। ਪਰ ਉਹ ਪੰਜਾਹ ਹਜ਼ਾਰ ਰੁਪਏ ਲੈਕੇ ਰਫੂ ਚੱਕਰ ਹੋ ਗਏ। ਪੀੜਤ ਵਿਅਕਤੀ ਨੇ ਜਦੋ ਲੁਟੇਰੀਆਂ ਵੱਲੋਂ ਦਿੱਤਾ ਲਿਫਾਫਾ ਖੋਲਿਆ ਤਾਂ ਰੁਮਾਲ ਵਿੱਚ ਪੈੱਸਿਆਂ ਦੀ ਥਾਂ ਕਾਗਜ਼ ਦੇ ਟੁਕੜੇ ਲਪੇਟੇ ਹੋਏ ਮਿਲੇ। ਫਿਲਹਾਲ ਅਮਰਗੜ੍ਹ ਪੁਲਿਸ ਬੈਕ ਦੇ ਸੀ.ਸੀ.ਟੀ. ਵੀ ਕੈਮਰਿਆਂ ਨੂੰ ਖੰਗਾਲ ਕੇ ਦੋਸ਼ੀਆਂ ਦੀ ਭਾਲ ਵਿੱਚ ਜੁਟ ਗਈ ਹੈ ।

Website : www.lokbani.com
lokbani08@gmail.com

# ਪਰਾਲੀ ਨੂੰ ਅੱਗ ਲਾਉਣ ਵਾਲਿਆਂ ਵਿਰੁੱਧ ਰੁਖ ਅਖਤਿਆਰ,08 ਚਲਾਨ ਤੇ ਪੁਲਿਸ ਕੇਸ ਦਰਜ -ਡਿਪਟੀ ਕਮਿਸ਼ਨਰ

**ਲੋਕ ਬਾਣੀ/ ਮਾਲੇਰਕੋਟਲਾ/ ਅਮਰਗੜ੍ਹ 10 ਅਕਤੂਬਰ (ਵਰਿੰਦਰ ਗਿੱਲ)**

ਨੋਡਲ ਅਫ਼ਸਰ, ਕਲੱਸਟਰ ਇੰਚਾਰਜ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਮਸ਼ੀਨਰੀ ਦੀ ਸੁਚੱਜੀ ਵਰਤੋਂ ਕਰ ਕੇ ਪਰਾਲੀ ਪ੍ਰਬੰਧਨ ਕਰਨ ਲਈ ਲਗਾਤਾਰ ਪ੍ਰੇਰਿਤ ਕਰਨ ਤਾਂ ਜੋ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਨਾ ਆਉਣ। ਇਸ ਗੱਲ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਮੈਜਿਸਟਰੇਟ ਡਾ ਪੱਲਵੀ ਨੇ ਜ਼ਿਲ੍ਹੇ ਦੇ ਪਿੰਡ ਖਾਨਪੁਰ, ਮੰਡੀਆ, ਲਸੋਈ, ਗੱਜਣਮਾਜਰਾ ਅਤੇ ਰੁੜਕੀ ਦਾ ਦੌਰਾ ਕਰਨ ਮੌਕੇ ਆਮ ਲੋਕਾਂ ਅਤੇ ਕਿਸਾਨਾਂ ਨੂੰ ਪ੍ਰੇਰਿਤ ਕਰਦਿਆ ਦਿੱਤੀ, ਕਿਹਾ ਕਿ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਾਉਣ ਨੂੰ ਸਖ਼ਤੀ ਨਾਲ ਨਜਿੱਠਿਆ ਜਾ ਰਿਹਾ ਹੈ । ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜਾਮ ਹਨ, ਇਸ ਦੇ ਬਾਵਜੂਦ ਜ਼ਿਹੜੇ 08 ਕਿਸਾਨ ਨੇ ਖੇਤਾਂ ਵਿੱਚ ਅੱਗ ਲਗਾਈ ਹੈ ਉਨ੍ਹਾਂ ਵਿਰੁਧ ਪੁਲਿਸ ਕੇਸ ਦਰਜ ਕਰਕੇ ਕਰੀਬ 20 ਹਜਾਰ ਰੁਪਏ ਦਾ ਜੁਰਮਾਨਾ ਵਸੂਲਿਆ ਜਾ ਚੁੱਕਾ ਹੈ ਅਤੇ ਦੋ ਕੇਸਾਂ ਵਿੱਚ ਨੈਸ਼ਨਲ ਗਰੀਨ ਟ੍ਰਿਬਿਊਨਲ ਅਨੁਸਾਰ ਜੁਰਮਾਨਾਂ ਵੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਵਿੱਚ 08 ਥਾਵਾਂ 'ਤੇ ਅੱਗ ਲਾਉਣ ਦੀ ਪੁਸ਼ਟੀ ਹੋਈ ਸੀ, ਅਤੇ ਇਨ੍ਹਾਂ ਕਿਸਾਨਾਂ ਦੇ ਚਲਾਨ ਕੀਤੇ ਜਾ ਚੁੱਕ ਹਨ, ਇਨ੍ਹਾਂ ਵਿੱਚ ਹੱਥਣ, ਅਜੀਮਾਬਾਦ, ਬਾਗੜੀਆ, ਤੋਲੇਵਾਲ, ਜੈਤੇਵਾਲ,ਬਾਠਾਂ ਆਦਿ ਪਿੰਡ ਸ਼ਾਮਲ ਹਨ। ਇਨ੍ਹਾਂ ਦੇ ਚਲਾਨ ਕੱਟਕੇ ਪੁਲਿਸ ਕਾਰਵਾਈ ਕੀਤੀ ਜਾ ਰਹੀ ਹੈ ਤੇ ਮਾਲ ਵਿਭਾਗ ਦੇ ਰਿਕਾਰਡ ਵਿੱਚ ਵੀ ਦਰਜ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਕਿ ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਪਰਾਲੀ ਸਾੜਨ ਉਤੇ ਪੂਰੀ ਤਰ੍ਹਾਂ ਰੋਕ ਲਗਾਈ ਗਈ ਹੈ ,ਜਿਸ ਸਬੰਧੀ ਪਹਿਲਾਂ ਦਫਾ 144 ਅਧੀਨ ਹੁਕਮ ਜਾਰੀ ਕੀਤੇ ਗਏ ਸਨ । ਇਸ ਲਈ ਜਿਲ੍ਹਾ ਮਾਲੇਰਕੋਟਲਾ ਦੇ ਸਮੂਹ ਬੀ.ਡੀ.ਪੀ.ਓਜ, ਪੰਚਾਇਤ ਸੈਕਟਰੀ, ਸਰਪੰਚ/ਪੰਚ, ਨੰਬਰਦਾਰਾਂ ਆਦਿ ਨੂੰ ਸਖ਼ਤ ਹਦਾਇਤ ਗਈ ਹੈ ਕਿ ਜੇਕਰ ਕੋਈ ਵੀ ਫਸਲਾਂ ਦੀ ਰਹਿੰਦ ਖੂਹੰਦ ਨੂੰ ਅੱਗ ਲਾਉਂਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਸਖ਼ਤ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇ । ਉਨ੍ਹਾਂ ਕਿਹਾ ਕਿ ਆਪਣੇ ਆਪਣੇ ਪਿੰਡਾ ਵਿੱਚ ਵੱਧ ਤੋਂ ਵੱਧ ਲੋਕਾਂ/ਕਿਸਾਨਾਂ ਨੂੰ ਝੋਨੇ ਦੀ ਪਰਾਲੀ/ਖੇਤੀਬਾੜੀ ਰਹਿੰਦ ਖੂਹੰਦ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਬੇਲਰਾਂ ਤੇ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਤੇ ਐਕਸ ਸੀਟੂ ਤੇ ਇਨਸੀਟੂ ਤਕਨੀਕਾਂ ਨਾਲ ਪਰਾਲੀ ਨੂੰ ਠਿਕਾਣੇ ਲਗਾਉਣ ਦੇ ਉਚੇਚੇ ਪ੍ਰਬੰਧ ਕੀਤੇ ਗਏ ਹਨ। ਇਸ ਲਈ ਕੋਈ ਵੀ ਕਿਸਾਨ ਅਗਲੀ ਫ਼ਸਲ ਬੀਜਣ ਲਈ ਕਾਹਲੀ ਵਿੱਚ ਖੇਤਾਂ 'ਚ ਪਰਾਲੀ ਨੂੰ ਅੱਗ ਨਾ ਲਗਾਵੇ। ਉਨ੍ਹਾਂ ਕਿਹਾ ਕਿ ਜਿਹੜਾ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਗਾਏਗਾ ਉਨ੍ਹਾਂ ਨੂੰ ਸਨਮਾਨਤ ਕੀਤਾ ਜਾਵੇਗਾ।





# ਅਮਰਗੜ੍ਹ ਪੁਲਿਸ ਵੱਲੋਂ ਸਲਮ ਏਰਿਆਂ ਵਿੱਚ ਮਿਠਾਈਆਂ ਅਤੇ ਫ਼ਲ ਵੰਡ ਕੇ ਮਨਾਈ ਦੀਵਾਲੀ

**ਲੋਕ ਬਾਣੀ/ ਅਮਰਗੜ੍ਹ/ਮਾਲੇਰਕੋਟਲਾ 10 ਨਵੰਬਰ (ਵਰਿੰਦਰ ਗਿੱਲ)**

ਕਹਿੰਦੇ ਖੁਸ਼ੀਆਂ ਸਾਂਝੀਆ ਕਰਨ ਦਾ ਕੋਈ ਸਮਾਂ ਤੇ ਕੋਈ ਥਾਂ ਨਹੀ ਹੁੰਦੀ ਜਿੱਥੋਂ ਦਿਲ ਨੂੰ ਖੁਸ਼ੀ ਤੇ ਸਕੂਨ ਮਿਲੇ ਉਸ ਨੂੰ ਹਾਸਿਲ ਕਰਨ ਦਾ ਮੌਕਾ ਛੱਡਣਾ ਨਹੀ ਚਾਹੀਦਾ ◆ ਦੀਵਾਲੀ ਦਾ ਤਿਓਹਾਰ ਨੂੰ ਦੇਖਦੇ ਹੋਏ ਮਾਨਯੋਗ ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ ਕਮਿਊਨਿਟੀ ਅਫੇਅਰ ਡਿਵੀਜ਼ਨ ਪੰਜਾਬ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੀਨੀਅਰ ਕਪਤਾਨ ਪੁਲਿਸ ਮਲੇਰਕੋਟਲਾ ਜੀ ਦੀ ਰਹਿਨੁਮਾਈ ਹੇਠ ਜਿਲਾ ਕਮਿਊਨਿਟੀ ਪੁਲਿਸਿੰਗ ਅਫਸਰ ਮਾਲੇਰਕੋਟਲਾ ਸ੍ਰੀ ਮਤੀ ਸਵਰਨਜੀਤ ਕੌਰ ਪੀ. ਪੀ. ਐਸ ਅਤੇ ਸ੍ਰੀ ਸੁਰਿੰਦਰਪਾਲ ਸਿੰਘ ਇੰਚਾਰਜ ਜਿਲ੍ਹਾ ਸਾਂਝ ਕੇਂਦਰ ਮਲੇਰਕੋਟਲਾ, ਐਸ.ਐਚ.ਓ ਸ੍ਰ: ਇੰਦਰਜੀਤ ਸਿੰਘ ਥਾਣਾ ਮੁਖੀ ਅਮਰਗੜ ਅਤੇ ਸਾਂਝ ਕੇਂਦਰ ਸਟਾਫ ਅਮਰਗੜ ਵੱਲੋਂ ਦਿਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਅਮਰਗੜ ਸ਼ਹਿਰ ਦੇ ਸਲਮ ਏਰੀਆ ਵਿੱਚ ਜਾ ਕੇ ਮਠਿਆਈਆਂ ਅਤੇ ਫਰੂਟ ਵੰਡੇ ਗਏ। ਇਸ ਦੌਰਾਨ ਐਸ.ਪੀ ਹੈਡਕੁਆਰਟ ਮੈਡਮ ਸ਼੍ਰੀਮਤੀ ਸਵਰਨਜੀਤ ਕੌਰ ਜੀ ਵੱਲੋਂ ਸਾਰਿਆਂ ਨੂੰ ਦਿਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦੀ ਅਪੀਲ ਕੀਤੀ ਗਈ ◆

# ਗੋਰਸੀ ਗੋਤ ਦੀਆਂ ਸਤੀਆਂ ਦਾ ਮੇਲਾ 12 ਨੂੰ

**ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 10 ਨਵੰਬਰ (ਦਵਿੰਦਰਪਾਲ ਸਿੰਘ)**

ਗੋਰਸੀ ਗੋਤ ਦੀਆਂ ਸਤੀਆਂ ਦਾ ਸਲਾਨਾ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਝਿੰਜੜੀ ਅੱਪਰ ਨੇੜਲੇ ਸ੍ਰੀ ਦਸਮੇਸ਼ ਅਕੈਡਮੀ, ਸ੍ਰੀ ਅਨੰਦਪੁਰ ਸਾਹਿਬ ਵਿਖੇ 12 ਨਵੰਬਰ ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ । ਇਹ ਜਾਣਕਾਰੀ ਦਿੰਦਿਆਂ ਮਲਕੀਤ ਸਿੰਘ, ਗੁਰਨਾਮ ਸਿੰਘ, ਪਾਲੀ ਗੋਰਸੀ, ਪਿਆਰੇ ਲਾਲ, ਬਲਬੀਰ ਸਿੰਘ ਆਦਿ ਨੇ ਦਿੰਦਿਆਂ ਸਮੂਹ ਗੋਰਸੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਇਸ ਸਲਾਨਾ ਮੇਲੇ 'ਚ ਆਪਣੀ ਆਪਣੀ ਹਾਜਰੀ ਯਕੀਨੀ ਬਣਾਉਣ ਅਤੇ ਪ੍ਰੀਵਾਰਾਂ ਸਮੇਤ ਮੇਲੇ 'ਚ ਸ਼ਮੂਲੀਅਤ ਕਰਨ ।

# ਆਯੂਸ਼ ਵਿਭਾਗ ਨੇ 8ਵਾਂ ਰਾਸ਼ਟਰੀ ਆਯੂਰਵੈਦਾ ਦਿਵਸ ਅਤੇ ਧਨਵੰਤਰੀ ਦਿਵਸ ਮਨਾਇਆ

## ਪੰਜਾਬ ਸਰਕਾਰ ਆਯੂਰਵੈਦ ਇਲਾਜ ਪੱਧਤੀ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ - ਰਮਨ ਬਹਿਲ

**ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-**

ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਦਫ਼ਤਰ ਸਿਵਲ ਸਰਜਨ ਗੁਰਦਾਸਪੁਰ ਵਿਖੇ 8ਵਾਂ ਰਾਸ਼ਟਰੀ ਆਯੂਰਵੈਦਾ ਦਿਵਸ ਅਤੇ ਧਨਵੰਤਰੀ ਦਿਵਸ ਮਨਾਇਆ ਗਿਆ। ਇਸ ਸਬੰਧੀ ਕਰਵਾਏ ਵਿਸ਼ੇਸ਼ ਸਮਾਗਮ ਵਿੱਚ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਆਯੂਰਵੈਦ ਇਲਾਜ ਪੱਧਤੀ ਸਭ ਤੋਂ ਪ੍ਰਚਾਨੀ ਇਲਾਜ ਵਿਧੀਆਂ ਵਿਚੋਂ ਹੈ ਅਤੇ ਇਸ ਨਾਲ ਰੋਗਾਂ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਆਯੂਰਵੈਦ ਕੇਵਲ ਇਲਾਜ ਵਿਧੀ ਹੀ ਨਹੀਂ ਬਲਕਿ ਇੱਕ ਤਰ੍ਹਾਂ ਜੀਵਨ ਜਾਚ ਸ਼ੈਲੀ ਹੈ ਜਿਸ ਨੂੰ ਅਪਣਾਅ ਕੇ ਤੰਦਰੁਸਤ ਤੇ ਨਿਰੋਗ ਜੀਵਨ ਬਸਰ ਕੀਤਾ ਜਾ ਸਕਦਾ ਹੈ। ਉਨ੍ਹਾਂ ਆਪਣਾ ਆਲਾ-ਦੁਆਲਾ ਸਾਫ਼ ਰੱਖਣ,



ਫਾਸਟ ਫੂਡ ਤੋਂ ਪ੍ਰਹੇਜ਼ ਕਰਨ, ਮੌਸਮੀ ਫ਼ਲ, ਹਰੀਆਂ ਸਬਜ਼ੀਆਂ, ਦੁੱਧ ਪਨੀਰ ਆਦਿ ਦੀ ਜਿਆਦਾ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਤੇ ਯੋਗ ਨੂੰ ਜੀਵਨ ਸ਼ੈਲੀ ਚ ਅਪਨਾਉਣ ਲਈ ਕਿਹਾ। ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਯੂਰਵੈਦਿਕ ਇਲਾਜ ਵਿਧੀ ਨੂੰ ਉਤਸ਼ਾਹਤ ਕਰਨ ਲਈ ਜ਼ਿਲ੍ਹੇ ਵਿੱਚ ਚੱਲ ਰਹੀਆਂ ਆਯੂਸ਼ ਡਿਸਪੈਂਸਰੀਆਂ ਦੀ ਕਾਇਆ ਕਲਪ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਇਸ ਸਾਲ ਦੌਰਾਨ 62 ਲੱਖ ਖਰਚ ਕਰਕੇ 11 ਆਯੂਸ਼ ਹੈਲਥ ਐਂਡ ਵੈੱਲਨੈੱਸ ਸੈਂਟਰ ਅਤੇ 1 ਹੋਮਿਓਪੈਥੀ ਸੈਂਟਰ ਨੂੰ ਅਪਗਰੇਡ ਕੀਤਾ ਗਿਆ ਹੈ। ਸੈਮੀਨਾਰ 'ਚ ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫ਼ਸਰ ਡਾ. ਪ੍ਰਦੀਪ ਸਿੰਘ ਨੇ ਦੱਸਿਆ ਕਿ ਆਯੂਰਵੇਦ ਅਤੇ ਭਗਵਾਨ ਧਨਵੰਤਰੀ ਜਿਨ੍ਹਾਂ ਨੂੰ ਗਾਡ ਆਫ ਮੈਡੀਸਨ ਭਾਵ ਦਵਾਈਆਂ ਦਾ ਦੇਵਤਾ ਵੀ ਕਿਹਾ ਜਾਂਦਾ ਹੈ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਇਸ ਸਾਲ ਦਾ ਥੀਮ 'ਆਯੁਰਵੇਦਾ ਹਰ ਦਿਨ ਹਰ ਕਿਸੇ ਲਈ' ਤਹਿਤ ਧੰਨਵੰਤਰੀ ਦਿਵਸ ਮਨਾਇਆ ਗਿਆ ਗਿਆ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੋਮੀ ਰਾਜਾ, ਡੀ.ਐਂਫ.ਪੀ.ਓ. ਡਾ ਤੇਜਿੰਦਰ ਕੌਰ, ਪੰਜਾਬ ਆਯੁਰਵੈਦਿਕ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਡਾ. ਹਰਿੰਦਰ ਸਿੰਘ ਅਤੇ ਉਪ ਪ੍ਰਧਾਨ ਡਾ. ਅਸ਼ੋਕ ਅੱਤਰੀ, ਡੀ.ਐਂਚ.ਓ. ਡਾ. ਸਵਿਤਾ, ਡੀ.ਟੀ.ਓ ਡਾ. ਰਮੇਸ਼ ਅੱਤਰੀ, ਡਾ. ਅਮਿਤ ਵਰਮਾ, ਡਾ. ਅਮਿਤਾ ਸ਼ਰਮਾ, ਡਾ. ਨਵਨੀਤ ਸਿੰਘ, ਮੀਡਿਆ ਵਿੰਗ ਤੋਂ ਸੰਦੀਪ ਕੌਰ ਹਾਜ਼ਰ ਸਨ।

# ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਹੈਪੀ ਸੀਡਰ ਮਸ਼ੀਨ ਨਾਲ ਕਣਕ ਦੀ ਸਿੱਧੀ ਬਿਜਾਈ ਬਾਰੇ ਖੇਤ ਪ੍ਰਦਰਸ਼ਨੀ

## -ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਕੇ ਹੋਰਨਾਂ ਕਿਸਾਨਾਂ ਲਈ ਮਿਸਾਲ ਬਣਿਆ ਪਿੰਡ ਫਿਰੋਜ਼ ਰੌਲੀਆਂ ਦਾ ਜਸਬੀਰ ਸਿੰਘ

ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)



ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਪਸਾਰ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਹੈਪੀ ਸੀਡਰ ਮਸ਼ੀਨ ਨਾਲ ਕਣਕ ਦੀ ਸਿੱਧੀ ਬਿਜਾਈ ਬਾਰੇ ਖੇਤ ਪ੍ਰਦਰਸ਼ਨੀ ਦਾ ਆਯੋਜਨ ਹੁਸ਼ਿਆਰਪੁਰ ਜ਼ਿਲ੍ਹੇ ਦੇ ਬਲਾਕ ਟਾਂਡਾ ਦੇ ਪਿੰਡ ਫਿਰੋਜ਼ ਰੌਲੀਆਂ ਵਿਚ ਅਗਾਂਹਵਧੂ ਕਿਸਾਨ ਜਸਬੀਰ ਸਿੰਘ ਜੱਜ ਦੇ ਖੇਤਾਂ ਵਿਚ ਕੀਤਾ ਗਿਆ।

ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਦੱਸਿਆ ਕਿ ਜਸਬੀਰ ਸਿੰਘ ਜੱਜ, ਜੋ ਕਿ ਪਿੰਡ ਦੇ ਲੰਬੜਦਾਰ ਵੀ ਹਨ, ਪਿਛਲੇ 5 ਸਾਲਾਂ ਤੋਂ ਹੈਪੀ ਸੀਡਰ ਤਕਨੀਕ ਨਾਲ ਕਣਕ ਦੀ ਸਫਲ ਕਾਸ਼ਤ ਕਰ ਰਹੇ ਹਨ। ਜਸਬੀਰ ਸਿੰਘ ਆਪਣੇ ਖੇਤਾਂ ਵਿਚ ਰੇਨ-ਗੰਨ ਵਿਧੀ ਨਾਲ ਕਣਕ ਦੀ ਸਿੰਚਾਈ ਕਰਦੇ ਹਨ ਜਿਸ ਨਾਲ ਸਿੰਚਾਈ ਵਾਲੇ ਪਾਣੀ ਦੀ ਬਹੁਤ ਬੱਚਤ ਹੁੰਦੀ ਹੈ। ਵਾਤਾਵਰਣ ਪੱਖੀ ਤਕਨੀਕਾਂ ਅਪਨਾਉਣ ਲਈ ਅਤੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਜਸਬੀਰ ਸਿੰਘ ਮੋਹਰੀ ਕਿਸਾਨ ਹਨ ਅਤੇ ਉਨ੍ਹਾਂ ਨੂੰ ਇਸ ਸਬੰਧੀ ਜ਼ਿਲਾ ਪ੍ਰਸ਼ਾਸਨ, ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਈ ਵਾਰ ਸਨਮਾਨਿਤ ਵੀ ਕੀਤਾ ਗਿਆ ਹੈ। ਡਾ. ਬੌਂਸ ਨੇ ਇਹ ਵੀ ਦੱਸਿਆ ਕਿ ਇਸ ਪਿੰਡ ਨੂੰ ਪਿਛਲੇ ਸਾਲ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪਰਾਲੀ ਪ੍ਰਬੰਧਨ ਲਈ ਅਪਣਾਇਆ ਵੀ ਗਿਆ ਸੀ ਅਤੇ ਸਮੁੱਚੇ ਪਿੰਡ ਨੇ ਪਰਾਲੀ ਪ੍ਰਬੰਧਨ ਦੀਆਂ ਵੱਖ-ਵੱਖ ਤਕਨੀਕਾਂ ਅਪਣਾ ਕੇ ਵਧੀਆ ਕਾਰਗੁਜ਼ਾਰੀ ਕੀਤੀ ਸੀ। ਜ਼ਿਲ੍ਹਾ ਪ੍ਰਸ਼ਾਸਣ ਦੀ ਮਦਦ ਨਾਲ ਇਨ੍ਹਾਂ ਪਿੰਡਾਂ ਵਿਚ ਵੱਡੇ ਪੱਧਰ ’ਤੇ ਪਰਾਲੀ ਦੀਆਂ ਗੰਢਾਂ ਬਣਾਉਣ ਦਾ ਕੰਮ ਵੀ ਸਫਲਤਾ ਪੂਰਵਕ ਸ਼ੁਰੂ ਕਰਕੇ ਅਪਣਾਇਆ ਗਿਆ ਹੈ।ਪ੍ਰਦਰਸ਼ਨੀ ਦੌਰਾਨ ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨਿਅਰਿੰਗ), ਕ੍ਰਿਸ਼ੀ ਵਿਗਿਆਨ ਕੇਂਦਰ ਡਾ. ਅਜੈਬ ਸਿੰਘ ਨੇ ਦੱਸਿਆ ਕਿ ਹੈਪੀ ਸੀਡਰ ਮਸ਼ੀਨ ਨਾਲ ਪਰਾਲੀ ਨੂੰ ਬਿਨ੍ਹਾਂ ਜਲਾਏ, ਕਣਕ ਦੀ ਸਿੱਧੀ ਬਿਜਾਈ ਸੰਭਵ ਹੈ। ਹੈਪੀ ਸੀਡਰ ਮਸ਼ੀਨ 50 ਹਾਰਸ ਪਾਵਰ ਟਰੈਕਟਰ ਨਾਲ ਚੱਲਦੀ ਹੈ ਅਤੇ ਇਕ ਦਿਨ ਵਿਚ ਤਕਰੀਬਨ 6-8 ਏਕੜ ਰਕਬੇ ਵਿਚ ਬਿਜਾਈ ਕਰ ਦਿੰਦੀ ਹੈ।



# ਬਾਸਕਟਬਾਲ ਖਿਡਾਰੀਆਂ ਨੂੰ ਖੇਡ ਕਿੱਟਾਂ ਕੀਤੀਆਂ ਭੇਟ

ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)

ਜ਼ਿਲ੍ਹਾ ਖੇਡ ਅ਼ਫਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆ-2023 ਵਿਚ ਤਗਮੇ ਲਿਆਉਣ ਵਾਲੇ ਬਾਸਕਟਬਾਲ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਦਿਆਂ ਸਾਬਕਾ ਬਾਸਕਟਬਾਲ ਖਿਡਾਰੀ ਰੋਹਿਤ ਡਡਵਾਲ (ਮੁਕੇਰੀਆਂ) ਵੱਲੋਂ ਖੇਡ ਕਿੱਟਾਂ ਭੇਟ ਕੀਤੀਆਂ ਗਈਆਂ। ਉਨ੍ਹਾਂ ਖਿਡਾਰੀਆਂ ਨੂੰ ਖੇਡ ਗਤੀਵਿਧੀਆਂ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਬਾਸਕਟਬਾਲ ਕੋਚ ਅਮਨਦੀਪ ਕੌਰ ਵੀ ਹਾਜ਼ਰ ਸਨ।

# ਭਾਸ਼ਾ ਵਿਭਾਗ ਵਲੋਂ ਪੰਜਾਬੀ ਮਾਹ ਨੂੰ ਸਮਰਪਿਤ .ਗਦਰ ਲਹਿਰ ‘ਤੇ ਭਾਵਪੂਰਤ ਸੈਮੀਨਾਰ

## -ਵਿਧਾਇਕ ਡਾ. ਰਵਜੋਤ ਸਿੰਘ ਅਤੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਵਿਸ਼ੇਸ਼ ਤੌਰ ’ਤੇ ਕੀਤੀ ਸ਼ਿਰਕਤ

ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ)



ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਲੋਂ ਪੰਜਾਬੀ ਮਾਹ ਸਮਾਗਮਾਂ ਦੀ ਲੜੀ ਤਹਿਤ ‘ਗ਼ਦਰ ਲਹਿਰ ਦੀ ਵਿਚਾਰਧਾਰਾ : ਸਮਕਾਲੀ ਪ੍ਰਸੰਗਿਕਤਾ’ ਵਿਸ਼ੇ ’ਤੇ ਪੰਜਾਬੀ ਵਿਕਾਸ ਮੰਚ ਹਰਿਆਣਾ ਦੇ ਸਹਿਯੋਗ ਨਾਲ ਗੁਰੂ ਨਾਨਕ ਐਜੂਕੇਸ਼ਨ ਕੰਪਲੈਕਸ ਡੱਲੇਵਾਲ ਵਿਖੇ ਭਾਵਪੂਰਤ ਸੈਮੀਨਾਰ ਕਰਵਾਇਆ ਗਿਆ। ਇਸ ਸਮਾਗਮ ਵਿਚ ਵਿਧਾਇਕ ਸ਼ਾਮਚੁਰਾਸੀ ਡਾ. ਰਵਜੋਤ ਸਿੰਘ ਨੇ ਮੁੱਖ ਮਹਿਮਾਨ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਵੱਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਨਾਇਬ ਤਹਿਸੀਲਦਾਰ ਗੜ੍ਹਦੀਵਾਲਾ ਲਵਦੀਪ ਸਿੰਘ ਵੀ ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ। ਸਮਾਗਮ ਦਾ ਆਗਾਜ਼ ਖ਼ਾਲਸਾ ਕਾਲਜ ਗੜ੍ਹਦੀਵਾਲਾ ਦੇ ਵਿਦਿਆਰਥੀਆਂ ਵਲੋਂ ਪੇਸ਼ ਸ਼ਬਦ ਅਤੇ ਸ਼ਮ੍ਹਾਂ ਰੋਸ਼ਨ ਨਾਲ ਹੋਇਆ। ਵਿਦਿਆਰਥੀਆਂ ਵਲੋਂ ਪੇਸ਼ ਲੋਕ-ਗੀਤ, ਕਵੀਸ਼ਰੀ, ਭੰਡ, ਸਕਿੱਟਾਂ, ਭੰਗੜਾ ਅਤੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਲੋਂ ਕ੍ਰਾਂਤੀਕਾਰੀ ਰੰਗ ਵਿਚ ਰੰਗੀ ਕੋਰੀਓਗ੍ਰਾਫੀ ਨੇ ਸ਼ਹੀਦਾਂ ਦੀ ਯਾਦ ਨੂੰ ਤਾਜ਼ਾ ਕਰ ਦਿੱਤਾ। ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਆਸ਼ਾ ਕਿਰਨ ਸਕੂਲ ਦੇ ਵਿਦਿਆਰਥੀਆਂ ਵਲੋਂ ਲਗਾਈ ਗਈ ਦੀਵਾ ਵਰਕਸ਼ਾਪ ਖਿੱਚ ਦਾ ਕੇਂਦਰ ਰਹੀ।

ਪੁਸਤਕ ਪ੍ਰਦਰਸ਼ਨੀ ਦਾ ਉਦਘਾਟਨ ਵਿਧਾਇਕ ਡਾ. ਰਵਜੋਤ ਸਿੰਘ ਨੇ ਸਪੈਸ਼ਲ ਵਿਦਿਆਰਥੀ ਤੋਂ ਰੀਬਨ ਕਟਵਾ ਕੇ ਕੀਤਾ ਤੇ ਭਾਸ਼ਾ ਵਿਭਾਗ ਵਲੋਂ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਦੀ ਸਰਾਹਨਾ ਕੀਤੀ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਭਾਸ਼ਾ ਵਿਭਾਗ ਹੁਸ਼ਿਆਰਪੁਰ ਵਲੋਂ ਡਾ. ਜਸਵੰਤ ਰਾਏ ਖੋਜ ਅਫ਼ਸਰ ਦੀ ਅਗਵਾਈ ਵਿਚ ਪੰਜਾਬੀ ਭਾਸ਼ਾ ਅਤੇ ਸਭਿਆਚਾਰ ਵਾਸਤੇ ਕੀਤੇ ਜਾ ਰਹੇ ਤਰੱਦਦ ਲਈ ਵਧਾਈ ਦਿੰਦਿਆਂ ਮਾਂ ਬੋਲੀ ਦੇ ਸੱਚੇ ਸਪੂਤ ਬਣ ਕੇ ਬਣਦਾ ਮਾਣ ਦੇਣ ਲਈ ਦਰਸ਼ਕਾਂ ਨੂੰ ਪ੍ਰੇਰਿਆ। ਉਨ੍ਹਾਂ ਕਿਹਾ ਕਿ ਮਾਂ ਬੋਲੀ ਸਭਿਆਚਾਰ ਦੀ ਜੜ੍ਹ ਹੈ। ਗ਼ਦਰ ਲਹਿਰ ਦੀ ਵਿਚਾਰਧਾਰਾ ’ਤੇ ਮੁਖ ਬੁਲਾਰੇ ਸੀਤਾ ਰਾਮ ਬਾਂਸਲ ਨੇ ਵਿਸਥਾਰ ਸਹਿਤ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਹੁਸ਼ਿਆਰਪੁਰ ਦੀ ਧਰਤੀ ਗ਼ਦਰੀਆਂ ਅਤੇ ਬੱਬਰਾਂ ਦੀ ਜਨਮ ਭੂਮੀ ਹੈ ਅਤੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਇਨ੍ਹਾਂ ਗ਼ਦਰੀਆਂ ਅਤੇ ਬੱਬਰਾਂ ਦੀ ਹੀ ਪੈਦਾਇਸ਼ ਹੈ।



Website : www.lokbani.com
lokbani08@gmail.com

# ਆਓ ਮਨਾਈਏ ਪ੍ਰਦੂਸ਼ਣ ਰਹਿਤ ਦੀਵਾਲੀ.....



ਦੀਵਾਲੀ ਖੁਸ਼ੀਆਂ ਅਤੇ ਦੀਵਿਆਂ ਦੀ ਰੋਸ਼ਨੀ ਦਾ ਤਿਉਹਾਰ ਹੈ। ਸਾਡੀ ਨਵੀਂ ਪੀੜ੍ਹੀ ਭਾਵ ਅੱਜ ਕੱਲ੍ਹ ਦੇ ਬੱਚਿਆਂ ਨੂੰ ਇਸਦਾ ਪਿਛੋਕੜ ਜਾਂ ਇਤਿਹਾਸ ਬਿਲਕੁਲ ਵੀ ਨਹੀਂ ਪਤਾ, ਨਾ ਹੀ ਮਾਤਾ-ਪਿਤਾ ਕੋਲ ਇੰਨਾ ਸਮਾਂ ਹੈ ਕਿ ਉਹ ਉਹਨਾਂ ਨੂੰ ਇਸਦੇ ਇਤਿਹਾਸ ਤੋਂ ਜਾਣੂ ਕਰਵਾਉਣ। ਪਰ ਸਾਨੂੰ ਐਨੇ ਅਵੇਸਲੇ ਨਹੀਂ ਹੋਣਾ ਚਾਹੀਦਾ, ਇਹ ਸਾਡਾ ਸਾਰਿਆਂ ਦਾ ਫਰਜ਼ ਹੈ ਕਿ ਅਸੀਂ ਆਪਣੇ ਭਾਰਤੀ ਇਤਿਹਾਸ ਨੂੰ ਕਿਵੇਂ ਜਿਉਂਦਾ ਰੱਖੀਏ, ਜੇਕਰ ਸਾਡਾ ਇਤਿਹਾਸ ਹੀ ਖ਼ਤਮ ਹੋ ਗਿਆ ਤਾਂ ਸਾਡਾ ਵਜੂਦ ਵੀ ਖ਼ਤਮ ਹੋ ਜਾਵੇਗਾ ਤੇ ਏਦਾਂ ਹੋ ਵੀ ਰਿਹਾ ਕਿਉਂਕਿ ਪੱਛਮੀ ਵਿਰਾਸਤ ਨੇ ਸਾਡੇ ’ਤੇ ਆਪਣਾ ਦਬਦਬਾ ਕਾਇਮ ਕਰ ਲਿਆ ਹੈ। ਦੀਵਾਲੀ ਦਾ ਤਿਉਹਾਰ ਸਾਂਝੀਵਾਲਤਾ ਦਾ ਪ੍ਰਤੀਕ ਹੈ। ਹਿੰਦੂ ਧਰਮ ਦੇ ਇਤਿਹਾਸ ਅਨੁਸਾਰ, ਅਯੁੱਧਿਆ ਦੇ ਰਾਜਾ ਦਸਰਥ ਦੇ ਪੁੱਤਰ ਭਗਵਾਨ ਸ਼੍ਰੀਰਾਮ ਚੰਦਰ ਜੀ ਆਪਣੀ ਪਤਨੀ ਸੀਤਾ ਅਤੇ ਭਰਾ ਲੱਛਮਣ ਸਮੇਤ ਆਪਣੇ ਮਾਤਾ ਪਿਤਾ ਵੱਲੋਂ ਦਿੱਤੇ 14 ਸਾਲਾਂ ਦੇ ਬਨਵਾਸ ਅਤੇ ਲੰਕਾ ਨਰੇਸ਼ ਚਾਰ ਵੇਦਾਂ ਦੇ ਗਿਆਤਾ ਰਾਵਣ ਨੂੰ ਹਰਾ ਕੇ ਅਯੁੱਧਿਆ ਵਾਪਸ ਪਰਤੇ ਸਨ। ਅਯੁੱਧਿਆ ਦੇ ਲੋਕਾਂ ਨੇ ਇਸ ਖੁਸ਼ੀ ’ਚ ਦੀਵੇ ਜਗਾ ਕੇ ਉਨ੍ਹਾਂ ਦੀ ਵਾਪਸੀ ਦਾ ਜਸ਼ਨ ਬੜੇ ਉਤਸ਼ਾਹ ਨਾਲ ਮਨਾਇਆ ਸੀ। ਇਹ ਪਰੰਪਰਾ ਅੱਜ ਤੱਕ ਜਿਉਂ ਦੀ ਤਿਉਂ ਜਾਰੀ ਹੈ ਅਤੇ ਇਸਨੂੰ ਦੀਵਾਲੀ ਦੇ ਤਿਉਹਾਰ ਵਜੋਂ ਮਨਾਇਆ ਜਾਂਦਾ ਹੈ। ਸਿੱਖ ਇਤਿਹਾਸ ਵਿੱਚ ਵੀ ਇਸ ਦਿਨ ਦਾ ਬਹੁਤ ਮਹੱਤਵ ਹੈ ਕਿਉਂਕਿ ਸੰਨ 1619 ਨੂੰ ਦੀਵਾਲੀ ਵਾਲੇ ਦਿਨ ਸਿੱਖਾਂ ਦੇ ਛੇਵੇਂ ਪਾਤਸ਼ਾਹ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਮੁਗ਼ਲ ਹਾਕਮ ਜਹਾਂਗੀਰ ਦੀ ਕੈਦ ਵਿਚੋਂ 52 ਹਿੰਦੂ ਰਾਜਿਆਂ ਸਮੇਤ ਗਵਾਲੀਅਰ ਦੇ ਕਿਲ੍ਹੇ ’ਚੋਂ ਰਿਹਾਅ ਹੋ ਕੇ ਆਏ ਸਨ। ਇਸੇ ਖੁਸ਼ੀ ‘ਚ ਬਾਬਾ ਬੁੱਢਾ ਜੀ ਅਤੇ ਮਾਤਾ ਗੰਗਾ ਜੀ ਨੇ ਸ੍ਰੀ ਅੰਮ੍ਰਿਤਸਰ ’ਚ ਘਿਓ ਦੇ ਦੀਵੇ ਜਗਾ ਕੇ ਦੀਪਮਾਲਾ ਕੀਤੀ ਸੀ। ਜੈਨ ਧਰਮ ਦੇ ਇਤਿਹਾਸ ‘ਚ ਵੀ ਇਹ ਤਿਉਹਾਰ ਵਿਸ਼ੇਸ਼ ਮਹੱਤਤਾ ਰੱਖਦਾ ਹੈ। ਕਿਉਂਕਿ ਜੈਨ ਮੱਤ ਦੇ 24ਵੇਂ ਤੀਰਥੰਕਰ ਭਗਵਾਨ ਮਹਾਵੀਰ ਜੀ ਨੇ ਇਸ ਦਿਨ ਨਿਰਵਾਣ ਭਾਵ ਮੋਕਸ਼ ਦੀ ਪ੍ਰਾਪਤੀ ਕੀਤੀ ਸੀ। ਗਿਆਨ ਰੂਪੀ ਪ੍ਰਕਾਸ਼ ਪ੍ਰਾਪਤ ਹੋਣ ਦੀ ਖੁਸ਼ੀ ‘ਚ ਜੈਨ ਧਰਮ ਦੇ ਲੋਕ ਆਪਣੇ ਚਾਰ ਚੁਫੇਰੇ ਨੂੰ ਜਗ-ਮਗਾਉਂਦੀਆਂ ਰੌਸ਼ਨੀਆਂ ਨਾਲ ਸਜਾਉਂਦੇ ਹਨ।

ਦੀਵਾਲੀ ਦੇ ਦਿਨ ਦੀ ਹਰੇਕ ਨੂੰ ਬੇਸਬਰੀ ਨਾਲ ਉਡੀਕ ਰਹਿੰਦੀ ਹੈ ਕਿਉਂਕਿ ਲੋਕਾਂ ਨੂੰ ਇਹ ਪਵਿੱਤਰ ਤਿਉਹਾਰ ਮਨਾਉਣ ਦਾ ਚਾਅ ਹੁੰਦਾ ਹੈ ਅਤੇ ਬਜ਼ਾਰਾਂ ਵਿੱਚ ਰੌਣਕ ਆਉਂਦੀ ਹੈ, ਦੁਕਾਨਦਾਰਾਂ ਨੂੰ ਸਮਾਨ ਵੇਚਣ ਦਾ ਚਾਅ ਹੁੰਦਾ ਹੈ। ਲੋਕ ਆਪਣੇ ਘਰਾਂ ਦੀ ਸਾਫ-ਸਫਾਈ ਕਰਦੇ ਹਨ ਅਤੇ ਘਰਾਂ ਨੂੰ ਚੰਗੀ ਤਰ੍ਹਾਂ ਸਜਾਉਂਦੇ ਹਨ। ਘਰਾਂ ਨੂੰ ਸਜਾਉਣ ਲਈ ਰੰਗ-ਬਿਰੰਗੇ ਰੰਗਾਂ ਅਤੇ ਫੁੱਲਾਂ ਦੀ ਰੰਗੋਲੀ ਬਣਾਈ ਜਾਂਦੀ ਹੈ। ਲਕਸ਼ਮੀ ਮਾਤਾ ਦੀ ਰਾਤ ਨੂੰ ਪੂਜਾ ਕੀਤੀ ਜਾਂਦੀ ਹੈ ਅਤੇ ਘਰਾਂ ਨੂੰ ਦੀਪ ਮਾਲਾ ਨਾਲ ਸਜਾਇਆ ਜਾਂਦਾ ਹੈ। ਜਿਸ ਤਰ੍ਹਾਂ ਅਸੀ ਜਾਣਦੇ ਹਾਂ ਕਿ ਕਾਰੀਗਰਾਂ ਦੁਆਰਾ ਬਣਾਏ ਗਏ ਮਿੱਟੀ ਦੇ ਦੀਵਿਆਂ ਦੀ ਥਾਂ ਅੱਜ ਆਰਟੀਫਿਸ਼ਲ ਦੀਵਿਆਂ ਨੇ ਲੈ ਲਈ ਹੈ। ਇਸ ਨਾਲ ਉਨ੍ਹਾਂ ਦੀ ਮਿਹਨਤ ਤੇ ਕਾਰੀਗਰੀ ਤੇ ਬਹੁਤ ਮੰਦਾ ਪ੍ਰਭਾਵ ਪੈ ਰਿਹਾ ਹੈ। ਉਨ੍ਹਾਂ ਦੇ ਬੱਚੇ ਪਿਤਾ ਪੁਰਖੀ ਕੰਮ ਛੱਡ ਕੇ ਹੋਰ ਪੇਸ਼ੇ ਵਿੱਚ ਪੈ ਗਏ ਹਨ, ਜਿਸਦੇ ਨਤੀਜੇ ਵੱਜੋਂ ਸਾਡੀ ਇਹ ਵਿਰਾਸਤ ਵੀ ਲੁਪਤ ਹੁੰਦੀ ਜਾ ਰਹੀ ਹੈ। ਸੋ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਮਿੱਟੀ ਤੋਂ ਬਣੀਆਂ ਵਸਤੂਆਂ ਅਤੇ ਦੀਵੇ ਦੀਵਾਲੀ ਵਾਲੇ ਦਿਨ ਜਰੂਰ ਖਰੀਦੀਏ ਜਿਸ ਨਾਲ ਇਨ੍ਹਾਂ ਕਾਰੀਗਰਾਂ ਨੂੰ ਵੀ ਮੁਨਾਫਾ ਹੋਵੇ ਅਤੇ ਇਹ ਵੀ ਆਪਣੇ ਬੱਚਿਆਂ ਨਾਲ ਦੀਵਾਲੀ ਚਾਵਾਂ ਨਾਲ ਮਨਾ ਸਕਣ, ਕਿਉਂਕਿ ਦੀਵਾਲੀ ਖੁਸ਼ੀਆਂ ਦਾ ਤਿਉਹਾਰ ਹੈ। ਪਰ ਅਜੋਕੇ ਸਮੇਂ ਦੀਵਾਲੀ ਦਾ ਤਿਉਹਾਰ ਪਟਾਕਿਆਂ ਦਾ ਤਿਉਹਾਰ ਹੀ ਬਣ ਕੇ ਰਹਿ ਗਿਆ ਹੈ। ਅਸੀਂ ਸਭ ਜਾਣਦੇ ਹਾਂ ਕਿ ਪਟਾਕਿਆਂ ਤੋਂ ਨਿਕਲਣ ਵਾਲੀਆਂ ਜ਼ਹਿਰੀਲੀਆਂ ਗੈਸਾਂ ਹਵਾ ’ਚ ਘੁਲ ਜਾਂਦੀਆਂ ਹਨ ਅਤੇ ਪ੍ਰਦੂਸ਼ਣ ਹੁੰਦਾ ਹੈ ਜਿਸ ਕਰਕੇ ਸਾਂਹ ਨਾਲ ਸਬੰਧਤ ਅਸਥਮਾ ਵਰਗੀਆਂ ਬਿਮਾਰੀਆਂ ਲੱਗ ਜਾਂਦੀਆਂ ਹਨ, ਪਟਾਕਿਆਂ ਨਾਲ ਧੁਨੀ ਪ੍ਰਦੂਸ਼ਣ ਹੁੰਦਾ ਹੈ ਜੋ ਕਿ ਵਡੇਰੀ ਉਮਰ ਦੇ ਲੋਕਾਂ ਲਈ ਘਾਤਕ ਸਿੱਧ ਹੁੰਦਾ ਹੈ ਉਹਨਾਂ ਨੂੰ ਸ਼ੋਰ-ਸ਼ਰਾਬੇ ਤੋਂ ਘਬਰਾਹਟ ਹੋ ਜਾਂਦੀ ਹੈ ਤੇ ਦਿਲ ਦਾ ਦੌਰਾ ਤੱਕ ਪੈ ਜਾਂਦਾ ਹੈ। ਜਾਨਵਰ ਵੀ ਪਟਾਕਿਆਂ ਦੀ ਅਵਾਜ ਤੋਂ ਡਰ ਜਾਂਦੇ ਹਨ ਜਿਸ ਨਾਲ ਉਹ ਆਪਣਾ ਤੇ ਕਿਸੇ ਹੋਰ ਦਾ ਭਾਰੀ ਨੁਕਸਾਨ ਕਰਦੇ ਹਨ। ਵਧ ਰਹੇ ਪ੍ਰਦੂਸ਼ਣ ਨੂੰ ਦੇਖਦੇ ਹੋਏ ਦੀਵਾਲੀ ਦੇ ਮੌਕੇ ਤੇ ਕਈ ਸੂਬਾ ਸਰਕਾਰਾਂ ਵੱਲੋਂ ਪਟਾਕੇ ਚਲਾਉਣ ਦਾ ਇੱਕ ਨਿਸ਼ਚਿਤ ਸਮਾਂ ਤੈਅ ਕੀਤਾ ਜਾਂਦਾ ਹੈ ਪਰ ਲੋਕ ਉਸ ਨੂੰ ਅਣਦੇਖਿਆਂ ਕਰਕੇ ਸਾਰੀ ਰਾਤ ਪਟਾਕੇ ਚਲਾਉਂਦੇ ਹਨ, ਸਿੱਟੇ ਵੱਜੋਂ ਅੱਗ ਲੱਗਣ ਦੀਆਂ ਘਟਨਾਵਾਂ ਅਤੇ ਜਾਨ ਗਵਾਉਣ ਦੀਆਂ ਘਟਨਾਵਾਂ ਵਾਪਰ ਜਾਂਦੀਆਂ ਹਨ। ਜਿਸ ਨਾਲ ਇਸ ਤਿਉਹਾਰ ਦਾ ਮਜਾ ਕਿਰਕਿਰਾ ਹੋ ਜਾਂਦਾ ਹੈ। ਸੋ ਸਰਕਾਰ ਨੂੰ ਪਟਾਕਿਆਂ ‘ਤੇ ਪੂਰਨ ਪਾਬੰਦੀ ਲਾਉਣੀ ਚਾਹੀਦੀ ਹੈ ਅਤੇ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਸਾਨੂੰ ਇਸ ਤਿਉਹਾਰ ਨੂੰ ਸ਼ਰਧਾ ਅਤੇ ਸਾਦੇ ਢੰਗ ਨਾਲ ਮਨਾਇਆ ਜਾਵੇ। ਇਹ ਖੁਸ਼ੀਆਂ ਦਾ ਤਿਉਹਾਰ ਹੈ ਤੇ ਇਸ ਤਿਉਹਾਰ ’ਤੇ ਕਿਸੇ ਲੋੜਵੰਦ ਦੀ ਆਰਥਿਕ ਮੱਦਦ ਕਰਕੇ ਉਸਦੇ ਘਰ ਵਿੱਚ ਵੀ ਖੁਸ਼ੀਆਂ ਲਿਆਂਦੀਆਂ ਜਾਣ। ਦੀਵਾਲੀ ਦੇ ਪਵਿੱਤਰ ਤਿਉਹਾਰ ’ਤੇ ਗਿਲੇ-ਸ਼ਿਕਵੇ ਛੱਡ ਕੇ ਸਾਂਝੀਵਾਲਤਾ ਦਾ ਅਜਿਹਾ ਦੀਪ ਜਲਾਇਆ ਜਾਵੇ ਜੋ ਮਿਸਾਲ ਬਣ ਜਾਵੇ।

# ਹਥਿਆਰਬੰਦ ਸੈਨਾ ਝੰਡਾ ਦਿਵਸ ਬਹਾਦਰ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਨਮਾਨ ਭੇਟ ਕਰਨ ਦਾ ਸੁਨਹਿਰੀ ਮੌਕਾ : ਕੋਮਲ ਮਿੱਤਲ

## -ਆਰਥਿਕ ਤੌਰ 'ਤੇ ਕਮਜ਼ੋਰ 6 ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦੇ ਚੈੱਕ ਵੀ ਸੌਂਪੇ

**ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ):**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਹਥਿਆਰਬੰਦ ਸੈਨਾ ਝੰਡਾ ਦਿਵਸ ਨੂੰ ਉਤਸ਼ਾਹਿਤ ਕਰਨ ਲਈ ਚੰਡੀਗੜ੍ਹ ਤੋਂ ਰਵਾਨਾ ਕੀਤੀ ਗਈ ਸਾਈਕਲ ਰੈਲੀ ਨੂੰ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਤੋਂ ਹੁਸ਼ਿਆਰਪੁਰ ਤੋਂ ਪਠਾਨਕੋਟ ਲਈ ਰਵਾਨਾ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਨੇ ਜੰਗੀ ਯਾਦਗਾਰ @ਤੇ ਪਹੁੰਚ ਕੇ ਦੇਸ਼ ਲਈ ਕੁਰਬਾਨੀਆਂ ਕਰਨ ਵਾਲੇ ਸ਼ਹੀਦ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 7 ਦਸੰਬਰ ਨੂੰ ਦੇਸ਼ ਭਰ ਵਿਚ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ ਜਾ ਰਿਹਾ ਹੈ। ਪੰਜਾਬ ਵਿਚ ਝੰਡਾ ਦਿਵਸ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਅਤੇ ਵੱਧ-ਚੜ੍ਹ ਕੇ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨ ਦੇ ਉਦੇਸ਼ ਨਾਲ 7 ਨਵੰਬਰ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਇਕ ਸਾਈਕਲ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਰੈਲੀ ਪੰਜਾਬ ਰਾਜ ਭਵਨ ਚੰਡੀਗੜ੍ਹ ਤੋਂ ਸ਼ੁਰੂ ਹੋ ਕੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਨੂੰ ਕਵਰ ਕਰਦੀ ਹੋਈ 7 ਦਸੰਬਰ 2023 ਨੂੰ ਪੰਜਾਬ ਰਾਜ ਭਵਨ ਚੰਡੀਗੜ੍ਹ ਵਿਖੇ ਰਾਜਪਾਲ ਪੰਜਾਬ ਦੀ ਹਾਜ਼ਰੀ ਵਿਚ ਸਮਾਪਤ ਹੋਵੇਗੀ। ਇਸੇ ਰੂਟ ਦੀ ਵਰਤੋਂ ਕਰਦੇ ਹੋਏ ਇਹ ਸਾਈਕਲ ਰੈਲੀ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਤੋਂ ਹੁੰਦੀ ਹੋਈ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਪਹੁੰਚੀ ਹੈ ਅਤੇ ਅੱਜ ਸਵੇਰੇ 16 ਵਲੰਟੀਅਰਾਂ ਦੀ ਸਾਈਕਲ ਰੈਲੀ ਨੂੰ ਮੁਕੇਰੀਆਂ ਲਈ ਰਵਾਨਾ ਕੀਤਾ ਗਿਆ। ਮੁਕੇਰੀਆਂ ਤੋਂ ਇਹ ਰੈਲੀ ਅਗਲੇ ਦਿਨ ਪਠਾਨਕੋਟ ਲਈ ਰਵਾਨਾ ਹੋਵੇਗੀ।




ਡਿਪਟੀ ਕਮਿਸ਼ਨਰ ਦੀ ਤਰਫੋਂ ਝੰਡਾ ਦਿਵਸ ਸਬੰਧੀ ਲੋਕ ਹਿੱਤ ਪੈਦਾ ਕਰਨ, ਨਾਗਰਿਕਾਂ ਵਿਚ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਅਤੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਝੰਡੇ ਦੇ ਸਬੰਧ ਵਿੱਚ ਵੱਧ ਤੋਂ ਵੱਧ ਵਿੱਤੀ ਸਹਾਇਤਾ ਅਤੇ ਪ੍ਰਚਾਰ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਉਨ੍ਹਾਂ 6 ਆਰਥਿਕ ਤੌਰ @ਤੇ ਕਮਜ਼ੋਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦੇ ਚੈੱਕ ਵੀ ਸੌਂਪੇ। ਉਨ੍ਹਾਂ ਕਿਹਾ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਸਾਡੇ ਜ਼ਿਲ੍ਹੇ ਦੇ ਜਵਾਨਾਂ ਨੇ ਦੂਜੇ ਵਿਸ਼ਵ ਯੁੱਧ ਤੋਂ ਲੈ ਕੇ ਹੁਣ ਤੱਕ ਲੜੀਆਂ ਗਈਆਂ ਵੱਖ-ਵੱਖ ਲੜਾਈਆਂ ਅਤੇ ਅੱਤਵਾਦ ਵਿਰੁੱਧ ਚਲਾਈਆਂ ਗਈਆਂ ਮੁਹਿੰਮਾਂ ਵਿਚ ਬਹੁਤ ਸਾਰੀਆਂ ਸ਼ਹਾਦਤਾਂ ਦਿੱਤੀਆਂ ਹਨ ਅਤੇ ਕਈ ਸੈਨਿਕ ਗੰਭੀਰ ਰੂਪ ਵਿਚ ਜ਼ਖਮੀ ਹੋਏ ਹਨ। ਉਨ੍ਹਾਂ ਕਿਹਾ ਕਿ ਸਾਡਾ ਜ਼ਿਲ੍ਹਾ ਪੂਰੇ ਦੇਸ਼ ਵਿਚ ਕੁਰਬਾਨੀਆਂ ਦੇਣ ਵਿਚ ਮੋਹਰੀ ਹੈ। ਇਨ੍ਹਾਂ ਸ਼ਹੀਦਾਂ ਦੀਆਂ ਬੇਮਿਸਾਲ ਕੁਰਬਾਨੀਆਂ ਸਦਕਾ ਹੀ ਅਸੀਂ ਦੇਸ਼ ਦੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਸਾਨੂੰ ਸਾਰਿਆਂ ਨੂੰ ਆਪਣੇ ਬਹਾਦਰ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਨਮਾਨ ਦੇਣ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦਾ ਹੈ। ਇਸ ਮੌਕੇ ਉਨ੍ਹਾਂ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਅਪੀਲ ਕੀਤੀ ਕਿ ਇਸ ਕਾਰਜ ਲਈ ਅੱਗੇ ਆਉਣਾ ਸਾਡੀ ਜ਼ਿੰਮੇਵਾਰੀ ਹੈ ਅਤੇ ਵੱਧ ਤੋਂ ਵੱਧ ਪੈਸਾ ਇਕੱਠਾ ਕਰਕੇ ਇਸ ਨੇਕ ਕਾਰਜ ਵਿਚ ਯੋਗਦਾਨ ਪਾਈਏ।

ਇਸ ਮੌਕੇ ਜ਼ਿਲ੍ਹਾ ਸੈਨਿਕ ਬੋਰਡ ਹੁਸ਼ਿਆਰਪੁਰ ਦੇ ਵਾਈਸ ਚੇਅਰਮੈਨ ਬ੍ਰਿਗੇਡੀਅਰ ਅਮਰੀਕ ਸਿੰਘ (ਸੇਵਾਮੁਕਤ) ਨੇ ਦੱਸਿਆ ਕਿ 7 ਦਸੰਬਰ ਨੂੰ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਇਆ ਜਾਂਦਾ ਹੈ ਅਤੇ ਇਕੱਠੀ ਹੋਈ ਰਾਸ਼ੀ ਕੇਂਦਰ ਅਤੇ ਰਾਜ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਅਤੇ ਸੇਵਾਵਾਂ ਲਈ ਵਰਤੀ ਜਾਂਦੀ ਹੈ । ਸੇਵਾ ਕਰ ਰਹੇ ਸੈਨਿਕਾਂ, ਉਨ੍ਹਾਂ ਦੀਆਂ ਵਿਧਵਾਵਾਂ ਅਤੇ ਅਪਾਹਜ ਸੈਨਿਕਾਂ ਦੀ ਭਲਾਈ ਲਈ ਵਰਤਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਦੇ ਸਬੰਧ ਵਿਚ ਦਾਨ ਕੀਤੀ ਗਈ ਰਾਸ਼ੀ ਆਮਦਨ ਕਰ ਤੋਂ ਮੁਕਤ ਹੈ। ਇਸ ਮੌਕੇ ਮੇਜਰ ਯਸ਼ਪਾਲ ਸਿੰਘ (ਸੇਵਾਮੁਕਤ), ਕਰਨਲ ਪਟਿਆਲ, ਸੁਪਰਡੈਂਟ ਬਲਜੀਤ ਕੌਰ, ਰਾਜ ਕੁਮਾਰੀ, ਬਲਦੇਵ ਸਿੰਘ, ਨਰੇਸ਼ ਕੁਮਾਰ, ਕੁਲਦੀਪ ਸਿੰਘ ਅਤੇ ਮਿਲਟਰੀ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਦੇ ਵਿਦਿਆਰਥੀ ਵੀ ਹਾਜ਼ਰ ਸਨ।




# ਡਿਪਟੀ ਕਮਿਸ਼ਨਰ ਨੇ ਓਲਡ ਏਜ ਹੋਮ ਵਿਖੇ ਬਜ਼ੁਰਗਾਂ ਨਾਲ ਮਨਾਈ ਦੀਵਾਲੀ

**ਲੋਕ ਬਾਣੀ/ ਹੁਸ਼ਿਆਰਪੁਰ, 10 ਨਵੰਬਰ (ਅਜੈ ਜੁਲਕਾ/ਆਸ਼ੂ ਠਾਕੁਰ):**

ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਵੱਲੋਂ ਓਲਡ ਏਜ਼ ਹੋਮ ਰਾਮ ਕਲੋਨੀ ਕੈਂਪ ਵਿਖੇ ਕਰਵਾਏ ਗਏ ਪ੍ਰੋਗਰਾਮ ਦੌਰਾਨ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਬਜ਼ੁਰਗਾਂ ਨਾਲ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਦੌਰਾਨ ਪ੍ਰਵਾਸੀ ਭਾਰਤੀ ਰਾਕੇਸ਼ ਚੋਪੜਾ ਵਾਸੀ ਦੇਵ ਨਗਰ ਬਹਾਦਰਪੁਰ ਅਤੇ ਉਨ੍ਹਾਂ ਦੀ ਭੈਣ ਸਮ੍ਰਿਧੀ ਥਾਪਰ ਵੱਲੋਂ ਦੀਵਾਲੀ ਮੌਕੇ ਬਜ਼ੁਰਗਾਂ ਨੂੰ ਤੋਹਫੇ ਭੇਟ ਕੀਤੇ ਗਏ। ਇਸ ਦੌਰਾਨ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸਮੇਂ-ਸਮੇਂ @ਤੇ ਲੋਕ ਭਲਾਈ ਦੇ ਕੰਮਾਂ ਵਿਚ ਵੱਡਮੁੱਲਾ ਯੋਗਦਾਨ ਪਾ ਰਹੀ ਹੈ, ਜਿਸ ਵਿੱਚ ਦਾਨੀ ਸੱਜਣ ਅਹਿਮ ਭੂਮਿਕਾ ਨਿਭਾਅ ਰਹੇ ਹਨ। ਉਨ੍ਹਾਂ ਦੱਸਿਆ ਕਿ ਪ੍ਰਵਾਸੀ ਭਾਰਤੀ ਰਾਕੇਸ਼ ਚੋਪੜਾ ਅਤੇ ਸਮ੍ਰਿਧੀ ਥਾਪਰ ਵੱਲੋਂ ਬਜ਼ੁਰਗਾਂ ਨੂੰ ਸੌਣ ਲਈ ਗੱਦੇ, ਰਜਾਈਆਂ, ਕੰਬਲ, ਕੁਰਸੀਆਂ, ਮੇਜ਼ ਅਤੇ ਹੀਟਿੰਗ ਪੈਡ ਦਿੱਤੇ ਗਏ।

ਕੋਮਲ ਮਿੱਤਲ ਨੇ ਆਮ ਲੋਕਾਂ, ਦਾਨੀ ਸੱਜਣਾਂ ਅਤੇ ਸਵੈ-ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਤਾਂ ਜੋ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਮਾਨਵਤਾ ਦੀ ਸੇਵਾ ਵਿਚ ਵੱਡਮੁੱਲਾ ਯੋਗਦਾਨ ਪਾਇਆ ਜਾ ਸਕੇ।

ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਉਕਤ ਐਨ.ਆਰ.ਆਈ ਪਰਿਵਾਰ ਵੱਲੋਂ ਜ਼ਿਲ੍ਹੇ ਵਿਚ ਆਏ ਹੜ੍ਹਾਂ ਦੌਰਾਨ ਵੀ ਰਾਹਤ ਸਮੱਗਰੀ ਮੁਹੱਈਆ ਕਰਵਾਈ ਗਈ ਸੀ। ਪ੍ਰਵਾਸੀ ਭਾਰਤੀ ਰਾਕੇਸ਼ ਚੋਪੜਾ ਅਤੇ ਉਨ੍ਹਾਂ ਦੇ ਪਰਿਵਾਰ ਨੇ ਹੋਮ ਵਿਚ ਬਜ਼ੁਰਗਾਂ ਨਾਲ ਦੀਵਾਲੀ ਮਨਾਉਂਦੇ ਹੋਏ ਖੁਸ਼ੀ ਮਹਿਸੂਸ ਕੀਤੀ ਅਤੇ ਭਰੋਸਾ ਦਿਵਾਇਆ ਕਿ ਭਵਿੱਖ ਵਿਚ ਵੀ ਉਹ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਪ੍ਰੋਜੈਕਟਾਂ ਵਿਚ ਸਰਗਰਮ ਯੋਗਦਾਨ ਪਾਉਣਗੇ।

ਇਸ ਮੌਕੇ ਰਾਜੇਸ਼ਵਰ ਦਿਆਲ ਬੱਬੀ, ਸੁਪਰਡੈਂਟ ਨਰੇਸ਼ ਕੁਮਾਰ, ਰਾਜੀਵ ਬਜਾਜ, ਕੁਮਕੁਮ ਸੂਦ, ਕਰਮਜੀਤ ਆਹਲੂਵਾਲੀਆ, ਸਨੇਹ ਜੈਨ, ਸਰਬਜੀਤ, ਗੁਰਪ੍ਰੀਤ ਕੌਰ, ਦੀਪਿਕਾ, ਕਰੀਅਰ ਕੌਂਸਲਰ ਅਦਿੱਤਿਆ ਰਾਣਾ, ਵਰਿੰਦਰ ਵੈਦ ਤੋਂ ਇਲਾਵਾ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਟਾਫ਼ ਮੈਂਬਰ ਹਾਜ਼ਰ ਸਨ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com